ਵੀਰਵਾਰ, 17 ਅਕਤੂਬਰ 2024

ਲੋਕ ਬਾਣੀ




# ਜਲੰਧਰ ਸ਼ਹਿਰ ਵਿੱਚ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਸ਼ੋਭਾ ਯਾਤਰਾ ਕੱਢੀ ਗਈ

## ਲੱਖਾਂ ਲੋਕਾਂ ਨੇ ਇਸ ਸ਼ੋਭਾ ਯਾਤਰਾ ਵਿੱਚ ਹਿੱਸਾ ਲਿਆ







ਵਾਲਮੀਕਿ ਟਾਇਗਰ ਫੋਰਸ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਆਪਣੀ ਸੰਸਥਾ ਦੇ ਹਜ਼ਾਰਾਂ ਮੈਂਬਰਾਂ ਨਾਲ ਹਿੱਸਾ ਲਿਆ ਤੇ ਸ਼ਹਿਰ ਦੀਆਂ ਵੱਖ ਵੱਖ ਚੋਕਾਂ ਵਿਚ ਲੱਗੀਆਂ ਸਟੇਜਾਂ ਤੇ ਭਗਵਾਨ ਵਾਲਮੀਕਿ ਜੀ ਦਾ ਗੁਣਗਾਨ ਕੀਤਾ ਇਸ ਮੌਕੇ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਦੇ ਮੁੱਖ ਸੰਪਾਦਕ ਅਮਨਦੀਪ ਮਹਿਰਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਤੇ ਹਜ਼ਾਰਾਂ ਮੈਂਬਰਾਂ ਨਾਲ ਸ਼ੋਭਾ ਯਾਤਰਾ ਚ ਪਹੁੰਚ ਕੇ ਸੰਗਤਾਂ ਦੇ ਦਰਸ਼ਨ ਕੀਤੇ








ਇਸ ਮੋਕੇ ਜਲੰਧਰ ਸ਼ਹਿਰ ਦੇ ਏਸੀਪੀ ਸਿਕਿਉਰਟੀ ਅਮਰਨਾਥ ਤੇ ਮੀਡੀਆ ਕਲੱਬ ਪੰਜਾਬ ਦੇ ਪ੍ਰਧਾਨ ਸੁਨੀਲ ਦੱਤ, ਸੀਨੀਅਰ ਪੱਤਰਕਾਰ ਰਾਜੇਸ਼ ਕਪਿਲ, ਨੇਂ ਵੀ ਹਾਜ਼ਰੀ ਲਵਾਈ ਤੇ ਸੰਸਥਾ ਦੇ ਪ੍ਰਧਾਨ ਅਜੈ ਖੋਸਲਾ,ਉਪ ਪ੍ਰਧਾਨ ਵਿਕੀ ਚਿੰਦਾ ਨੇ ਪਹੁੰਚੇ ਸਮੂਹ ਮੀਡੀਆ ਕਰਮੀਆਂ ਤੇ ਮੈਂਬਰਾਂ ਦਾ ਸਵਾਗਤ ਕੀਤਾ

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਵੀਰਵਾਰ, 17 ਅਕਤੂਬਰ 2024
Email:- lokbani08@gmail.com




R. N. I. Punpun/29016/2008 * ਸਾਲ 16, * ਅੰਕ : 127, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਦੇ ਹੈਲੀਕਾਪਟਰ ਦੀ ਕਰਵਾਉਣੀ ਪਈ ਐਮਰਜੈਂਸੀ ਲੈਂਡਿੰਗ



**ਪਿਥੌਰਾਗੜ੍ਹ, ਲੋਕ ਬਾਣੀ-** ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੂੰ ਲਿਜਾ ਰਹੇ ਇੱਕ ਹੈਲੀਕਾਪਟਰ ਨੂੰ ਖਰਾਬ ਮੌਸਮ ਕਾਰਨ ਉੱਤਰਾਖੰਡ ਦੇ ਮੁਨਸਿਆਰੀ ਨੇੜੇ ਇੱਕ ਪਿੰਡ ਵਿੱਚ ਹੰਗਾਮੀ ਹਾਲਾਤ 'ਚ ਉਤਾਰਿਆ ਗਿਆ। ਪਿਥੌਰਾਗੜ੍ਹ ਦੇ ਜ਼ਿਲ੍ਹ ਮੈਜਿਸਟ੍ਰੇਟ ਵਿਨੋਦ ਗਿਰੀਸ਼ ਗੋਸਵਾਮੀ ਨੇ ਦੱਸਿਆ ਕਿ ਇਹ ਹੈਲੀਕਾਪਟਰ, ਜੋ ਮਿਲਮ ਗਲੇਸ਼ੀਅਰ ਜਾ ਰਿਹਾ ਸੀ, ਦੁਪਹਿਰ ਕਰੀਬ ਇੱਕ ਵਜੇ ਰਵਾਨਾ ਹੋਇਆ। ਹਾਲਾਂਕਿ ਬੱਦਲਵਾਈ ਅਤੇ ਘੱਟ ਦਿਖਣ ਸਮਰੱਥਾ ਕਾਰਨ ਇਹ ਕਰੀਬ 1:30 ਵਜੇ ਦੇ ਕਰੀਬ 42 ਕਿਲੋਮੀਟਰ ਦੂਰ ਰਾਲਮ ਪਿੰਡ ਦੇ ਹੈਲੀਪੈਡ 'ਤੇ ਉਤਾਰਿਆ ਗਿਆ।

## ਕੇਂਦਰ ਦਾ ਵੱਡਾ ਫ਼ੈਸਲਾ ਵੀਆਈਪੀਜ਼ ਤੋਂ ਐਨਐਸਜੀ ਕਮਾਂਡੋ ਵਾਪਸ ਬੁਲਾਏ




**ਦਿੱਲੀ, ਲੋਕ ਬਾਣੀ**--ਕੇਂਦਰ ਸਰਕਾਰ ਨੇ ਅਤਿਵਾਦ ਵਿਰੋਧੀ ਕਮਾਂਡੋ ਫੋਰਸ ਐੱਨਐੱਸਜੀ ਨੂੰ ਵੀਆਈਪੀ ਸੁਰੱਖਿਆ ਡਿਊਟੀਆਂ ਤੋਂ ਪੂਰੀ ਤਰ੍ਹਾਂ ਵਾਪਸ ਲੈਣ ਅਤੇ 'ਉੱਚ-ਜੋਖਮ' ਵਾਲੇ ਵੀਆਈਪੀਜ਼ ਨੂੰ ਅਗਲੇ ਮਹੀਨੇ ਸੀਆਰਪੀਐੱਫ ਨੂੰ ਸੌਂਪਣ ਦੇ ਨਿਰਦੇਸ਼ ਦਿੱਤੇ ਹਨ। ਗ੍ਰਹਿ ਮੰਤਰਾਲੇ ਨੇ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ ਕਰਮਚਾਰੀਆਂ ਦੀ ਇੱਕ ਨਵੀਂ ਬਟਾਲੀਅਨ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨੂੰ ਹਾਲ ਹੀ ਵਿੱਚ ਸੰਸਦ ਸੁਰੱਖਿਆ ਡਿਊਟੀਆਂ ਤੋਂ ਵਾਪਸ ਲਿਆ ਸੀ ਅਤੇ ਇਸ ਨੂੰ ਸੀਆਰਪੀਐੱਫ ਵੀਆਈਪੀ ਸੁਰੱਖਿਆ ਵਿੰਗ ਨਾਲ ਜੋੜਿਆ ਜਾਵੇਗਾ। ਸੂਤਰਾਂ ਨੇ ਦੱਸਿਆ ਕਿ ਕੌਮੀ ਸੁਰੱਖਿਆ ਗਾਰਡ (ਐੱਨਐੱਸਜੀ) ਦੇ 'ਬਲੈਕ ਕੈਟ' ਕਮਾਂਡੋਜ਼ ਵੱਲੋਂ ਨੌਂ 'ਜ਼ੈੱਡ ਪਲੱਸ' ਸ਼੍ਰੇਣੀ ਦੇ ਵੀਆਈਪੀਜ਼ ਨੂੰ ਸੁਰੱਖਿਆ ਮਹੁੱਈਆ ਕਰਵਾਈ ਜਾ ਰਹੀ ਹੈ,

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ।



91000-79-579 | 98141-92-632
Shop No 5,Adda Kapur Pind,Opp IndusInd Bank,Jalandhar.

## ਤਿੰਨ ਦਿਨ ਤੋ ਬਹਿਰਾਈਚ ਵਿੱਚ ਮੋਬਾਇਲ ਇੰਟਰਨੈੱਟ ਸੇਵਾਵਾਂ ਕੀਤੀਆਂ ਗਈਆਂ ਬੰਦ



**ਬਹਿਰਾਈਚ, ਲੋਕ ਬਾਣੀ**-- ਬਹਿਰਾਈਚ ਦੇ ਹਿੰਸਾ ਪ੍ਰਭਾਵਿਤ ਮਹਾਰਾਜਗੰਜ ਕਸਬੇ ਅਤੇ ਉਸ ਦੇ ਨੇੜਲੇ ਇਲਾਕੇ ਵਿੱਚ ਅੱਜ ਲਗਾਤਾਰ ਤੀਜੇ ਦਿਨ ਵੀ ਮੋਬਾਈਲ ਇੰਟਰਨੈੱਟ ਅਤ ਬ੍ਰਾਂਡਬੈਂਡ ਸੇਵਾਵਾਂ ਠੱਪ ਰਹੀਆਂ, ਜਿਸ ਕਾਰਨ ਰੋਜ਼-ਮਰ੍ਹਾ ਦੀ ਜ਼ਿੰਦਗੀ ਅਤੇ ਕਾਰੋਬਾਰ ਪ੍ਰਭਾਵਿਤ ਹੋਇਆ। ਇੱਕ ਅਧਿਕਾਰੀ ਨੇ ਦੱਸਿਆ ਕਿ ਹਾਲਾਂਕਿ ਇਲਾਕੇ ਵਿੱਚ ਹਾਲਾਤ ਆਮ ਵਾਂਗ ਹੋਣੇ ਸ਼ੁਰੂ ਹੋ ਗਏ ਹਨ ਅਤੇ ਮੰਗਲਾਵਾਰ ਤੋਂ ਕੋਈ ਅਣਸੁਖਾਵੀਂ ਘਟਨਾ ਸਾਹਮਣੇ ਨਹੀਂ ਆਈ ਹੈ।

## ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰੀ ਤੋਂ ਦਿੱਤਾ ਅਸਤੀਫਾ



**ਅੰਮ੍ਰਿਤਸਰ, ਲੋਕ ਬਾਣੀ**--ਸ੍ਰੀ ਅਕਾਲ ਤਖ਼ਤ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਵਿਰਸਾ ਸਿੰਘ ਵਲਟੋਹਾ ਖ਼ਿਲਾਫ਼ ਕੀਤੀ ਗਈ ਕਾਰਵਾਈ ਤੋਂ ਇੱਕ ਦਿਨ ਬਾਅਦ ਅੱਜ ਅਚਾਨਕ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਅਕਾਲੀ ਆਗੂ ਵਲਟੋਹਾ ਵੱਲੋਂ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਇਸ ਦੀ ਪੁਸ਼ਟੀ ਸ਼੍ਰੋਮਣੀ ਅਕਾਲੀ ਦਲ ਦਾ ਸੋਸ਼ਲ ਮੀਡੀਆ ਵਿੰਗ ਕਰ ਰਿਹਾ ਹੈ।

## ਬੀਬੀ ਜਗੀਰ ਕੌਰ ਨੇ ਧਾਮੀ ਨੂੰ ਕੀਤੀ ਅਪੀਲ




**ਚੰਡੀਗੜ੍ਹ, ਵਿਨੋਦ ਸ਼ਰਮਾ** - - ਐਸਜੀਪੀਸੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਹੈ ਕਿ ਉਹ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫਾ ਪ੍ਰਵਾਨ ਨਾ ਕਰਨ ।ਇਹ ਗੱਲ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਤੇ ਸਾਬਕਾ ਕੈਬਨਿਟ ਮੰਤਰੀ ਬੀਬੀ ਜਗੀਰ ਕੌਰ ਨੇ ਕਹੀ । ਉਹਨਾਂ ਕਿਹਾ ਕਿ ਕੌਮ ਦੇ ਜਥੇਦਾਰ ਸਾਡੀ ਕੌਮ ਦਾ ਮਾਣ ਹਨ। ਇਹਨਾਂ ਦਾ ਸਤਿਕਾਰ ਘਟਾਉਣ ਵਾਲਿਆਂ ਨੂੰ ਕੌਮ ਕਦੇ ਵੀ ਮੂੰਹ ਨਹੀਂ ਲਾਵੇਗੀ।

## ਪੰਜਾਬ ਵਿੱਚ ਲੁਟੇਰਿਆਂ ਦੀ ਕਰਤੂਤ ਔਰਤ ਜ਼ਖ਼ਮੀ




**ਕਪੂਰਥਲਾ, ਲੋਕ ਬਾਣੀ-** -ਔਜਲਾ ਫਾਟਕ ਨੇੜੇ ਮੋਟਰਸਾਈਕਲ ਸਵਾਰ ਦੋ ਲੁਟੇਰਿਆਂ ਵਲੋਂ ਇਕ ਔਰਤ ਦੇ ਕੰਨਾਂ ਵਿਚੋਂ ਵਾਲੀਆਂ ਖੋਹਣ ਦੀ ਕੋਸ਼ਿਸ਼ ਕਰਨ ਸਮੇਂ ਔਰਤ ਮੋਟਰਸਾਈਕਲ ਤੋਂ ਹੇਠਾਂ ਡਿੱਗ ਕੇ ਗੰਭੀਰ ਜ਼ਖਮੀ ਹੋ ਗਈ।

## ਸੰਗਰੂਰ ਵਿੱਚ 'ਪੀਆਰਟੀਸੀ' ਕਾਮਿਆਂ ਵੱਲੋਂ ਚੱਕਾ ਜਾਮ



**ਸੰਗਰੂਰ, ਲੋਕ ਬਾਣੀ**--- ਧੂਰੀ ਵਿੱਚ ਇੱਕ ਬੱਸ ਕੰਡਕਟਰ ਦੀ ਕੁੱਟਮਾਰ ਹੋਣ ਦੇ ਵਿਰੋਧ ਵਿੱਚ ਅੱਜ ਪੀਆਰਟੀਸੀ ਡਰਾਈਵਰਾਂ ਤੇ ਕੰਡਕਟਰਾਂ ਨੇ ਸਥਾਨਕ ਸ਼ਹਿਰ ਦੇ ਵੱਖ-ਵੱਖ ਚੌਂਕਾਂ ਨੂੰ ਘੇਰਦਿਆਂ ਸ਼ਹਿਰ ਵਿੱਚ ਚੱਕਾ ਜਾਮ ਕਰ ਦਿੱਤਾ, ਜਿਸ ਕਾਰਨ ਸ਼ਹਿਰ ਦੇ ਅੰਦਰ ਆਉਣ ਜਾਣ ਵਾਲੇ ਸਾਰੇ ਰਸਤੇ ਬੰਦ ਹੋ ਗਏ। ਪ੍ਰਦਰਸ਼ਨ ਕਰਦਿਆਂ ਪੀਆਰਟੀਸੀ ਕਾਮਿਆਂ ਨੇ ਚੌਂਕਾਂ ਦੁਆਲੇ ਬੱਸਾਂ ਲਾ ਕੇ ਆਵਾਜਾਈ ਪੂਰੀ ਤਰ੍ਹਾਂ ਜਾਮ ਕਰ ਦਿੱਤੀ ਅਤੇ ਇਨਸਾਫ਼ ਦੀ ਮੰਗ ਕਰਦਿਆਂ ਰੋਹ ਭਰਪੂਰ ਪ੍ਰਦਰਸ਼ਨ ਕੀਤਾ। ਇਸ ਧਰਨੇ ਕਾਰਨ ਸ਼ਹਿਰ ਵਿੱਚ ਦਾਖਲ ਹੋਣ ਵਾਲੇ ਰਾਹਗੀਰਾਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ ਤੇ ਬੱਸਾਂ 'ਚ ਸਵਾਰੀਆਂ ਵੀ ਖੁਆਰ ਹੋਈਆਂ। ਮੀਡੀਆ ਨਾਲ ਗੱਲ ਕਰਦਿਆਂ ਪੀਆਰਟੀਸੀ ਦੇ ਮੁਲਾਜ਼ਮਾਂ ਨੇ ਕਿਹਾ ਕਿ ਧੂਰੀ ਵਿੱਚ ਸਾਥੀ ਮੁਲਾਜ਼ਮਾਂ ਨਾਲ ਜੋ ਕੁੱਟਮਾਰ ਹੋਈ ਹੈ

## ਮੁੰਬਈ ਚ ਇਮਾਰਤ ਨੂੰ ਲੱਗੀ ਅੱਗ ਤਿੰਨ ਜਿਊਦੇ ਸੜੇ



**ਮੁੰਬਈ, ਲੋਕ ਬਾਣੀ** --ਮੁੰਬਈ ਦੇ ਲੋਖੰਡਵਾਲਾ ਕੰਪਲੈਕਸ ਚ 14 ਮੰਜ਼ਿਲਾ ਰਿਹਾਇਸ਼ੀ ਇਮਾਰਤ ਚ ਬੁੱਧਵਾਰ ਸਵੇਰੇ ਅੱਗ ਲੱਗ ਗਈ। ਇਸ ਹਾਦਸੇ ਚ 3 ਲੋਕ ਜਿਊਂਦੇ ਸੜ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਨਗਰ ਨਿਗਮ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਅੱਗ ਸਵੇਰੇ ਕਰੀਬ 8 ਵਜੇ ਅੰਧੇਰੀ ਇਲਾਕੇ ਚ ਲੋਖੰਡਵਾਲਾ ਕੰਪਲੈਕਸ ਦੇ ਫੋਰਥ ਕ੍ਰਾਸ ਰੋਡ ਤੇ ਸਥਿਤ ਰਿਆ ਪੈਲੇਸ ਬਿਲਡਿੰਗ ਦੀ 10ਵੀਂ ਮੰਜ਼ਿਲ ਤੇ ਇਕ ਫਲੈਟ ਚ ਲੱਗੀ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਬੰਗਾਲ ਚ ਲੜਕੀ ਨਾਲ ਪਹਿਲਾ ਕੀਤਾ ਬਲਾਤਕਾਰ ਫਿਰ ਕੀਤਾ ਕਤਲ, ਦੋਸ਼ੀ ਨੇ ਚਿਹਰਾ ਸਾੜਨ ਦੀ ਕੋਸ਼ਿਸ਼, ਪ੍ਰੇਮੀ ਗ੍ਰਿਫਤਾਰ

(ਲੋਕ ਬਾਣੀ) ਪੱਛਮੀ ਬੰਗਾਲ ਦੇ ਨਾਦੀਆ ਜ਼ਿਲ੍ਹੇ ਵਿੱਚ ਇੱਕ 20-22 ਸਾਲ ਦੀ ਲੜਕੀ ਦੀ ਲਾਸ਼ ਮਿਲਣ ਦਾ ਮਾਮਲਾ ਸਾਹਮਣੇ ਆਇਆ ਹੈ। ਦੋਸ਼ ਹੈ ਕਿ ਲੜਕੀ ਨਾਲ ਪਹਿਲਾਂ ਬਲਾਤਕਾਰ ਕੀਤਾ ਗਿਆ ਅਤੇ ਫਿਰ ਕਤਲ ਕੀਤਾ ਗਿਆ। ਦੋਸ਼ੀਆਂ ਨੇ ਲੜਕੀ ਦਾ ਚਿਹਰਾ ਸਾੜਨ ਦੀ ਕੋਸ਼ਿਸ਼ ਵੀ ਕੀਤੀ ਗਈ ਹੈ। ਘਟਨਾ ਦੇ ਸਾਹਮਣੇ ਆਉਣ ਤੋਂ ਬਾਅਦ ਇਲਾਕੇ ਚ ਤਣਾਅ ਫੈਲ ਗਿਆ ਹੈ। ਕਾਂਗਰਸ ਅਤੇ ਸੀਪੀਐਮ ਨੇ ਥਾਣੇ ਅੱਗੇ ਪ੍ਰਦਰਸ਼ਨ ਕੀਤਾ ਅਤੇ ਪੋਸਟਮਾਰਟਮ ਦੀ ਮੰਗ ਕੀਤੀ। ਇਸ ਤੋਂ ਬਾਅਦ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ। ਪੁਲਸ ਨੇ ਅਜੇ ਤੱਕ ਲੜਕੀ ਦੀ ਪਛਾਣ ਦੀ ਪੁਸ਼ਟੀ ਨਹੀਂ ਕੀਤੀ ਹੈ ਪਰ ਰਿਪੋਰਟਾਂ ਮੁਤਾਬਕ ਲੜਕੀ ਕ੍ਰਿਸ਼ਨਾਨਗਰ ਸ਼ਹਿਰ ਦੀ ਰਹਿਣ ਵਾਲੀ ਹੈ। 12ਵੀਂ ਚ ਪੜ੍ਹਦੀ ਸੀ। ਉਸਦਾ ਪਰਿਵਾਰ ਫੁੱਲ ਵੇਚਣ ਦਾ ਕੰਮ ਕਰਦਾ ਹੈ।



ਰਿਪੋਰਟਾਂ ਚ ਕਿਹਾ ਜਾ ਰਿਹਾ ਹੈ ਕਿ ਲੜਕੀ ਮੰਗਲਵਾਰ ਸ਼ਾਮ ਨੂੰ ਆਪਣੇ ਬੁਆਇਫ੍ਰੈਂਡ ਰਾਹੁਲ ਬਾਸੂ (22) ਨਾਲ ਸੈਰ ਕਰਨ ਗਈ ਸੀ। ਰਾਹੁਲ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਸਥਾਨਕ ਪੁਲਿਸ ਨੇ ਦੱਸਿਆ ਕਿ ਲੜਕੀ ਦਾ ਆਪਣੇ ਬੁਆਇਫ੍ਰੈਂਡ ਨਾਲ ਝਗੜਾ ਚੱਲ ਰਿਹਾ ਸੀ। ਮੰਗਲਵਾਰ ਸ਼ਾਮ ਨੂੰ ਰਾਹੁਲ ਨੇ ਉਨ੍ਹਾਂ ਨੂੰ ਮਿਲਣ ਲਈ ਕਿਹਾ। ਉਸ ਨੇ ਇਹ ਵੀ ਕਿਹਾ ਕਿ ਉਹ ਕਿਸੇ ਨੂੰ ਨਾ ਦੱਸੇ। ਜਿਸ ਤੋਂ ਬਾਅਦ ਲੜਕੀ ਆਪਣੇ ਪਰਿਵਾਰ ਵਾਲਿਆਂ ਨੂੰ ਬਿਨਾਂ ਦੱਸੇ ਹੀ ਮਿਲਣ ਚਲੀ ਗਈ। ਜਦੋਂ ਉਹ 9 ਵਜੇ ਤੱਕ ਘਰ ਨਹੀਂ ਪਰਤੀ ਤਾਂ ਉਸ ਦੀ ਦਾਦੀ ਨੇ ਉਸ ਦੇ ਮਾਤਾ-ਪਿਤਾ ਨੂੰ ਫੋਨ ਕੀਤਾ। ਅਗਲੀ ਸਵੇਰ ਉਸ ਦੀ ਲਾਸ਼ ਮਿਲੀ। ਉਸ ਦਾ ਚਿਹਰਾ ਪਛਾਣਨ ਤੋਂ ਪਰੇ ਸੜ ਗਿਆ ਸੀ। ਸ਼ੱਕ ਜਤਾਇਆ ਜਾ ਰਿਹਾ ਹੈ ਕਿ ਲੜਕੀ ਦਾ ਕਤਲ ਕਿਤੇ ਹੋਰ ਕੀਤਾ ਗਿਆ ਹੈ। ਇਸ ਤੋਂ ਬਾਅਦ ਲਾਸ਼ ਨੂੰ ਪੂਜਾ ਪੰਡਾਲ ਨੇੜੇ ਸੁੱਟ ਦਿੱਤਾ ਗਿਆ। ਪੀੜਤ ਪਰਿਵਾਰ ਦਾ ਦੋਸ਼ ਹੈ ਕਿ ਪ੍ਰੇਮੀ ਨੇ ਬਲਾਤਕਾਰ ਤੋਂ ਬਾਅਦ ਕਤਲ ਕੀਤਾ ਹੈ।ਇਸ ਤੋਂ ਬਾਅਦ ਲੜਕੀ ਦੇ ਪਰਿਵਾਰ ਵਾਲਿਆਂ ਨੇ ਪੁਲਿਸ ਨੂੰ ਸ਼ਿਕਾਇਤ ਕੀਤੀ ਗਈ।

# ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਗੁਰਪੁਰਬ ਦੇ ਸਬੰਧ 'ਚ 19 ਅਕਤੂਬਰ ਨੂੰ ਜ਼ਿਲ੍ਹਾ ਅੰਮ੍ਰਿਤਸਰ 'ਚ ਛੁੱਟੀ ਦਾ ਐਲਾਨ




ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਗੁਰਪੁਰਬ ਦੇ ਸਬੰਧ ਵਿੱਚ 19 ਅਕਤੂਬਰ, 2024 ਨੂੰ ਜ਼ਿਲ੍ਹਾ ਅੰਮ੍ਰਿਤਸਰ 'ਚ ਛੁੱਟੀ ਦਾ ਐਲਾਨ ਕੀਤਾ ਹੈ। ਇੱਕ ਸਰਕਾਰੀ ਬੁਲਾਰੇ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਗੁਰਪੁਰਬ ਨੂੰ ਮਨਾਉਣ ਦੇ ਅਵਸਰ ਨੂੰ ਮੁੱਖ ਰੱਖਦੇ ਹੋਏ 19 ਅਕਤੂਬਰ, 2024 ਦਿਨ ਸਨੀਵਾਰ ਨੂੰ ਜ਼ਿਲ੍ਹਾ ਅੰਮ੍ਰਿਤਸਰ ਦੇ ਸਾਰੇ ਸਰਕਾਰੀ ਦਫਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿੱਦਿਅਕ ਅਦਾਰਿਆਂ ਵਿੱਚ ਸਥਾਨਕ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਅਧਿਸੂਚਨਾ ਜਾਰੀ ਕੀਤੀ ਗਈ ਹੈ।ਬੁਲਾਰੇ ਅਨੁਸਾਰ ਇਹ ਸਥਾਨਕ ਛੁੱਟੀ ਨੈਗੋਸੀਏਬਲ ਇੰਸਟਰੂਮੈਂਟ ਐਕਟ-1881 ਅਧੀਨ ਵੀ ਹੋਵੇਗੀ।

# ਭਲਕੇ 17 ਅਕਤੂਬਰ ਨੂੰ ਪੰਜਾਬ ਦੇ ਸਾਰੇ ਟੋਲ ਪਲਾਜ਼ੇ ਹੋਣਗੇ ਮੁਫ਼ਤ, ਬੀ.ਕੇ.ਯੂ ਉਗਰਾਹਾਂ ਨੇ ਲਿਆ ਫੈਸਲਾ



ਚੰਡੀਗੜ੍ਹ-(ਲੋਕ ਬਾਣੀ) ਪੰਜਾਬ ਵਿੱਚ ਕਿਸਾਨਾਂ ਵੱਲੋਂ 17 ਅਕਤੂਬਰ ਨੂੰ ਸਾਰੇ ਟੋਲ ਪਲਾਜ਼ੇ ਮੁਫ਼ਤ ਕੀਤੇ ਜਾਣਗੇ, ਜਦੋਂ ਕਿ 18 ਅਕਤੂਬਰ ਨੂੰ ਆਮ ਆਦਮੀ ਪਾਰਟੀ (ਆਪ) ਅਤੇ ਭਾਜਪਾ ਆਗੂਆਂ ਦੇ ਘਰਾਂ ਦੇ ਬਾਹਰ ਠੋਸ ਮੋਰਚੇ ਲਗਾਏ ਜਾਣਗੇ। ਮੁੱਖ ਤੌਰ 'ਤੇ ਭਾਜਪਾ ਆਗੂਆਂ ਅਰਵਿੰਦ ਖੰਨਾ, ਪ੍ਰਨੀਤ ਕੌਰ ਅਤੇ 'ਆਪ' ਦੇ ਸਾਰੇ ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ ਦੇ ਬਾਹਰ ਮੋਰਚਾ ਲਾਇਆ ਜਾਵੇਗਾ। ਇਹ ਫੈਸਲਾ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਲਿਆ ਗਿਆ ਹੈ। ਇਹ ਫੈਸਲਾ ਝੋਨੇ ਦੀ ਗਲਤ ਖਰੀਦ ਦੇ ਵਿਰੋਧ ਵਿੱਚ ਲਿਆ ਗਿਆ। ਕੇਂਦਰ ਅਤੇ ਪੰਜਾਬ ਸਰਕਾਰ ਦੋਵਾਂ ਖਿਲਾਫ ਰੋਸ ਹੈ। ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਜਥੇਬੰਦੀ ਦੀ 5 ਮੈਂਬਰੀ ਸੂਬਾ ਲੀਡਰਸ਼ਿਪ ਟੀਮ ਨੇ ਇਹ ਫੈਸਲਾ ਲਿਆ ਹੈ। ਫੈਸਲੇ ਅਨੁਸਾਰ ਦੋਵੇਂ ਤਰ੍ਹਾਂ ਦੇ ਮਾਰਚ ਦਿਨ-ਰਾਤ ਜਾਰੀ ਰਹਿਣਗੇ। ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਕਈ ਮੰਗਾਂ ਹਨ। ਇਨ੍ਹਾਂ ਮੰਗਾਂ ਵਿੱਚ ਘੱਟੋ-ਘੱਟ ਸਮਰਥਨ ਮੁੱਲ ਤੇ ਝੋਨੇ ਦੀ ਨਿਰਵਿਘਨ ਖਰੀਦ ਸ਼ੁਰੂ ਕਰਨਾ ਹੈ। ਇਸ ਤੋਂ ਇਲਾਵਾ ਹੋਰ ਵੀ ਕਈ ਮੰਗਾਂ ਇਸ ਵਿੱਚ ਸ਼ਾਮਲ ਹਨ। ਜਿਸ ਤੇ ਕੇਂਦਰ ਦੀ ਭਾਜਪਾ ਅਤੇ ਸੂਬੇ ਦੀ ਆਪ ਸਰਕਾਰ ਗੰਭੀਰਤਾ ਨਹੀਂ ਦਿਖਾ ਰਹੀ ਹੈ।

# ਵਿਜੈ ਕੁਮਾਰ ਜੰਜੂਆ ਨੇ ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਚੀਫ਼ ਕਮਿਸ਼ਨਰ ਵਜੋਂ ਚੁੱਕੀ ਸਹੁੰ

ਚੰਡੀਗੜ੍ਹ, (ਲੋਕ ਬਾਣੀ)ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਅੱਜ ਵਿਜੈ ਕੁਮਾਰ ਜੰਜੂਆ ਨੂੰ ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਨਵੇਂ ਚੀਫ਼ ਕਮਿਸ਼ਨਰ ਵਜੋਂ ਸਹੁੰ ਚੁਕਾਈ।


1989 ਬੈਚ ਦੇ ਪੰਜਾਬ ਕੇਡਰ ਦੇ ਸੇਵਾਮੁਕਤ ਆਈ.ਏ.ਐਸ. ਅਧਿਕਾਰੀ ਵਿਜੈ ਕੁਮਾਰ ਜੰਜੂਆ ਨੇ ਪਹਿਲਾਂ ਸੂਬੇ ਦੇ ਮੁੱਖ ਸਕੱਤਰ ਵਜੋਂ ਸੇਵਾਵਾਂ ਨਿਭਾਈਆਂ ਸਨ। ਜ਼ਿਕਰਯੋਗ ਹੈ ਕਿ ਸ੍ਰੀ ਜੰਜੂਆ ਨੇ ਪੰਜਾਬ ਦੇ ਪੇਂਡੂ ਵਿਕਾਸ, ਉਦਯੋਗ, ਕਿਰਤ, ਪਸ਼ੂ ਪਾਲਣ ਸਮੇਤ ਵੱਖ-ਵੱਖ ਵਿਭਾਗਾਂ ਵਿੱਚ ਵੀ ਕੰਮ ਕੀਤਾ। ਉਨ੍ਹਾਂ ਨੇ ਭਾਰਤ ਸਰਕਾਰ ਦੇ ਉਦਯੋਗਿਕ ਨੀਤੀ ਅਤੇ ਪ੍ਰੋਤਸਾਹਨ ਵਿਭਾਗ ਵਿੱਚ ਉਦਯੋਗਾਂ ਦੇ ਡਾਇਰੈਕਟਰ ਵਜੋਂ ਤਿੰਨ ਸਾਲ ਸੇਵਾ ਨਿਭਾਈ। ਇਸ ਦੇ ਨਾਲ ਹੀ ਉਨ੍ਹਾਂ ਨੇ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਵੀ ਸੇਵਾਵਾਂ ਨਿਭਾਈਆਂ।

ਇਸ ਸਹੁੰ ਚੁੱਕ ਸਮਾਗਮ ਦਾ ਸੰਚਾਲਨ ਸਕੱਤਰ ਪ੍ਰਸੋਨਲ ਗੁਰਪ੍ਰੀਤ ਕੌਰ ਸਪਰਾ ਵੱਲੋਂ ਕੀਤਾ ਗਿਆ।



ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਸ਼ੇਸ਼ ਸਕੱਤਰ ਗੌਰੀ ਪਰਾਸ਼ਰ ਜੋਸ਼ੀ, ਰਜਿਸਟਰਾਰ ਸਹਿਕਾਰੀ ਸਭਾਵਾਂ ਵਿਮਲ ਸੇਤੀਆ, ਡਾਇਰੈਕਟਰ ਪ੍ਰਸ਼ਾਸ਼ਨਿਕ ਸੁਧਾਰ ਗਿਰੀਸ਼ ਦਿਆਲਨ, ਵਿਸ਼ੇਸ਼ ਸਕੱਤਰ ਪ੍ਰਸੋਨਲ ਬਲਦੀਪ ਕੌਰ, ਵਧੀਕ ਸਕੱਤਰ ਤਾਲਮੇਲ ਰਾਹੁਲ ਅਤੇ ਵਧੀਕ ਸਕੱਤਰ ਪ੍ਰਸੋਨਲ ਨਵਜੋਤ ਕੌਰ ਮੌਜੂਦ ਸਨ।

# ਭਾਰਤੀ ਸਰਹੱਦਾਂ ਤੇ ਰੀਟਰੀਟ ਸੈਰਾਮਨੀ ਦੇਖਣ ਵਾਲੇ ਸੈਲਾਨੀਆਂ ਲਈ ਵੱਡੀ ਖ਼ਬਰ



ਚੰਡੀਗੜ੍ਹ- (ਲੋਕ ਬਾਣੀ) ਪਾਕਿਸਤਾਨ ਦੇ ਨਾਲ ਲੱਗਦੀਆਂ ਭਾਰਤੀ ਸਰਹੱਦਾਂ ਤੇ ਰੀਟਰੀਟ ਸੈਰਾਮਨੀ ਦੇਖਣ ਦੇ ਚਾਹਵਾਨਾਂ ਸੈਲਾਨੀਆਂ ਲਈ ਵੱਡੀ ਖ਼ਬਰ ਸਾਹਮਣੇ ਆਈ ਹੈ। ਬੀਐਸਐਫ ਨੇ ਰੀਟਰੀਟ ਸੈਰਾਮਨੀ ਦੇ ਸਮੇਂ ਵਿੱਚ ਬਦਲਾਵ ਕੀਤਾ ਗਿਆ ਹੈ। ਸਮੇਂ ਵਿੱਚ ਇਹ ਤਬਦੀਲੀ ਬਦਲਦੇ ਮੌਸਮ ਦੇ ਮੱਦੇਨਜ਼ਰ ਕੀਤੀ ਹੈ। ਬੀਐਸਐਫ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਅਟਾਰੀ-ਵਾਹਗਾ ਸਰਹੱਦ, ਫਿਰੋਜ਼ਪੁਰ ਦੀ ਹੁਸੈਨੀਵਾਲਾ ਸਰਹੱਦ ਅਤੇ ਫਾਜ਼ਿਲਕਾ ਦੀ ਸਾਦਕੀ ਸਰਹੱਦ ਤੇ ਹੁਣ ਸ਼ਾਮ 5 ਵਜੇ ਰੀਟਰੀਟ ਸੈਰੇਮਨੀ ਦੀ ਸ਼ੁਰੂਆਤ ਹੋਵੇਗੀ। ਬੀਐਸਐਫ ਅਧਿਕਾਰੀਆਂ ਨੇ ਦੱਸਿਆ ਕਿ ਇਹ ਸਮਾਂ ਤਬਦੀਲੀ ਅੱਗੇ ਆ ਰਹੇ ਸਰਦੀ ਦੇ ਮੌਸਮ ਨੂੰ ਵੇਖਦਿਆਂ ਕੀਤਾ ਗਿਆ ਹੈ, ਕਿਉਂਕਿ ਸਰਦੀਆਂ ਚ ਦਿਨ ਛੋਟੇ ਹੋ ਜਾਂਦੇ ਹਨ। ਇਸਦੇ ਨਾਲ ਹੀ 2♥6 ਅਧਿਕਾਰੀਆਂ ਵੱਲੋਂ ਸੈਲਾਨੀਆਂ ਨੂੰ ਸ਼ਾਮ 4 ਵਜੇ ਤੱਕ ਪਹੁੰਚਣ ਦੀ ਅਪੀਲ ਕੀਤੀ ਗਈ ਹੈ ਅਤੇ ਇਸ ਦੌਰਾਨ ਆਪਣੀ ਪਛਾਣ ਵੱਜੋਂ ਆਧਾਰ ਕਾਰਡ ਨਾਲ ਲੈ ਕੇ ਆਉਣ ਦੀ ਵੀ ਅਪੀਲ

# ਪੰਜਾਬ ਭਰ ਵਿੱਚ ਕਾਂਗਰਸ ਸਮਰਥਕ ਸਰਪੰਚਾਂ ਨੇ ਜਿੱਤੀਆਂ 50-60% ਸੀਟਾਂ: ਰਾਜਾ ਵੜਿੰਗ

ਚੰਡੀਗੜ੍ਹ,(ਲੋਕ ਬਾਣੀ)- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਾਲ ਹੀ ਵਿੱਚ ਹੋਈਆਂ ਪੰਚਾਇਤੀ ਚੋਣਾਂ ਵਿੱਚ ਹੇਰਾਫੇਰੀ ਕਰਨ ਦੀਆਂ ਕੋਝੀਆਂ ਕੋਸ਼ਿਸ਼ਾਂ ਦੀ ਸਖ਼ਤ ਨਿਖੇਧੀ ਕੀਤੀ ਹੈ। ਇਨ੍ਹਾਂ ਯਤਨਾਂ ਦੇ ਬਾਵਜੂਦ, ਪੰਜਾਬ ਭਰ ਦੇ 50-60% ਪਿੰਡਾਂ ਵਿੱਚ ਕਾਂਗਰਸ ਦੇ ਸਰਪੰਚ ਜੇਤੂ ਬਣ ਕੇ ਉੱਭਰੇ ਹਨ, ਜੋ ਕਾਂਗਰਸ ਦੀ ਸ਼ਾਨਦਾਰ ਜਿੱਤ ਅਤੇ ਆਪ ਦੇ ਕੁਸ਼ਾਸਨ ਅਤੇ ਝੂਠੇ ਵਾਅਦਿਆਂ ਨੂੰ ਸਪੱਸ਼ਟ ਤੌਰ ਤੇ ਰੱਦ ਕਰਨ ਦੀ ਨਿਸ਼ਾਨਦੇਹੀ ਕਰਦੇ ਹਨ।

ਪ੍ਰਦੇਸ਼ ਕਾਂਗਰਸ ਪ੍ਰਧਾਨ ਨੇ ਕਾਂਗਰਸ ਪਾਰਟੀ ਦੀ ਸਫਲਤਾ ਤੇ ਮਾਣ ਜ਼ਾਹਰ ਕਰਦੇ ਹੋਏ ਕਿਹਾ, ਪੰਜਾਬ ਦੇ ਲੋਕਾਂ ਨੇ ਅੱਜ ਇੱਕ ਸ਼ਕਤੀਸ਼ਾਲੀ ਸੰਦੇਸ਼ ਦਿੱਤਾ ਹੈ। ਪੰਚਾਇਤੀ ਚੋਣਾਂ ਤੇ ਦਬਦਬਾ ਬਣਾਉਣ ਲਈ ਆਪ ਦੀ ਲਗਾਤਾਰ ਹੇਰਾਫੇਰੀ ਅਤੇ ਤਾਕਤ ਦੀ ਦੁਰਵਰਤੋਂ ਦੇ ਬਾਵਜੂਦ, ਕਾਂਗਰਸ ਦੇ ਉਮੀਦਵਾਰਾਂ ਨੇ ਸੂਬੇ ਦੇ ਅੱਧੇ ਤੋਂ ਵੱਧ ਪਿੰਡਾਂ ਵਿੱਚ ਲੋਕਾਂ ਦਾ ਵਿਸ਼ਵਾਸ ਜਿੱਤ ਲਿਆ ਹੈ। ਇਹ ਜਿੱਤ ਨਾ ਸਿਰਫ਼ ਸਾਡੀ ਪਾਰਟੀ ਦੀ ਸਖ਼ਤ ਮਿਹਨਤ ਦਾ ਪ੍ਰਤੀਬਿੰਬ ਹੈ, ਸਗੋਂ ਪੰਜਾਬ ਲਈ ਸਾਡੇ ਵਿਜ਼ਨ ਤੇ ਲੋਕਾਂ ਦੇ ਭਰੋਸੇ ਦਾ ਵੀ ਪ੍ਰਤੀਕ ਹੈ।'

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਚੋਣ ਨਤੀਜੇ ਪੰਜਾਬ ਵਿੱਚ 'ਆਪ' ਦੇ ਨਾਕਾਮ ਸ਼ਾਸਨ ਦੀ ਸਖ਼ਤ ਨਿੰਦਿਆ ਹਨ। ਪਿਛਲੇ ਢਾਈ ਸਾਲਾਂ ਤੋਂ 'ਆਪ' ਨੇ ਪੰਜਾਬ ਦੇ ਲੋਕਾਂ ਨੂੰ ਖੋਖਲੇ ਵਾਅਦਿਆਂ ਅਤੇ ਮਾੜੇ ਪ੍ਰਸ਼ਾਸਨ ਨਾਲ ਧੋਖਾ ਦੇਣ ਤੋਂ ਇਲਾਵਾ ਕੁਝ ਨਹੀਂ ਕੀਤਾ। ਇਨ੍ਹਾਂ ਚੋਣਾਂ ਨੂੰ ਪ੍ਰਭਾਵਿਤ ਕਰਨ ਦੀ ਉਨ੍ਹਾਂ ਦੀ ਕੋਸ਼ਿਸ਼ ਲੋਕਤੰਤਰ ਪ੍ਰਤੀ ਉਨ੍ਹਾਂ ਦੇ ਨਿਰਾਦਰ ਦੀ ਇਕ ਹੋਰ ਮਿਸਾਲ ਹੈ। ਪਰ ਪੰਜਾਬ ਦੇ



ਲੋਕਾਂ ਨੇ ਆਪਣੇ ਪਿੰਡਾਂ ਦੀ ਅਗਵਾਈ ਕਰਨ ਲਈ ਕਾਂਗਰਸ ਨੂੰ ਚੁਣਿਆ ਹੈ, ਜਿਸ ਨਾਲ ਇਹ ਸਪੱਸ਼ਟ ਹੋ ਗਿਆ ਹੈ ਕਿ ਆਪ ਦੇ ਹੇਰਾਫੇਰੀ ਦੇ ਦਿਨ ਖਤਮ ਹੋ ਗਏ ਹਨ।

ਵੜਿੰਗ ਨੇ ਪੰਜਾਬ ਦੇ ਲੋਕਾਂ ਵੱਲੋਂ ਆਪ ਦੀਆਂ ਚਾਲਾਂ ਦਾ ਡੱਟ ਕੇ ਵਿਰੋਧ ਕਰਨ ਲਈ ਪ੍ਰਸ਼ੰਸਾ ਕੀਤੀ ਅਤੇ ਕਿਹਾ, ਇਹ ਜਿੱਤ ਦਰਸਾਉਂਦੀ ਹੈ ਕਿ ਆਪ ਸਰਕਾਰ ਵੱਲੋਂ ਕੀਤੀਆਂ ਗਈਆਂ ਸਾਰੀਆਂ ਮਾੜੀਆਂ ਨੀਤੀਆਂ ਦੇ ਬਾਵਜੂਦ ਉਹ ਪੰਜਾਬ ਵਿੱਚ ਲੋਕਤੰਤਰ ਦੀ ਭਾਵਨਾ ਨੂੰ ਢਾਹ ਨਹੀਂ ਲਗਾ ਸਕੇ। ਲੋਕਾਂ ਨੇ ਉਨ੍ਹਾਂ ਦੇ ਝੂਠ ਨੂੰ ਨਕਾਰ ਕੇ ਕਾਂਗਰਸ ਪਾਰਟੀ ਨੂੰ ਚੁਣਿਆ ਹੈ, ਜਿਸ ਨੇ ਹਮੇਸ਼ਾ ਉਨ੍ਹਾਂ ਦੇ ਹਿੱਤਾਂ ਲਈ ਕੰਮ ਕੀਤਾ ਹੈ। ਆਪ ਨੇ ਦਖਲ ਦੇਣ ਦੀ ਪੂਰੀ ਕੋਸ਼ਿਸ਼ ਕੀਤੀ ਪਰ ਉਹ ਬੁਰੀ ਤਰ੍ਹਾਂ ਅਸਫਲ ਰਹੇ।

ਪਿਛਲੇ ਢਾਈ ਸਾਲਾਂ ਦੌਰਾਨ ਕਾਂਗਰਸ ਪਾਰਟੀ ਨੇ ਕਿਸਾਨਾਂ ਦੇ ਧਰਨੇ ਦੌਰਾਨ ਉਨ੍ਹਾਂ ਦੇ ਨਾਲ ਖੜ੍ਹਨ ਤੋਂ ਲੈ ਕੇ ਨੌਜਵਾਨਾਂ ਦੀ ਬੇਰੁਜ਼ਗਾਰੀ, ਸਿੱਖਿਆ ਅਤੇ ਸਿਹਤ ਸੰਭਾਲ ਦੇ ਗੰਭੀਰ ਮੁੱਦਿਆਂ ਨੂੰ ਹੱਲ ਕਰਨ ਤੱਕ ਲਗਾਤਾਰ ਲੋਕਾਂ ਦੀ ਤਰਫ਼ੋਂ ਆਪਣੀ ਆਵਾਜ਼ ਬੁਲੰਦ ਕੀਤੀ ਹੈ। ਪੰਚਾਇਤੀ ਚੋਣਾਂ ਦੇ ਨਤੀਜੇ ਲੋਕ ਸਭਾ ਚੋਣਾਂ ਵਿੱਚ ਸਾਡੀ ਸਫਲਤਾ ਦੇ ਨਾਲ-ਨਾਲ ਇਸ ਗੱਲ ਦਾ ਸਬੂਤ ਹਨ ਕਿ ਕਾਂਗਰਸ ਪਾਰਟੀ ਹੀ ਪੰਜਾਬ ਦੇ ਲੋਕਾਂ ਦੀ ਸੱਚੀ ਨੁਮਾਇੰਦਾ ਪਾਰਟੀ ਹੈ। ਅਸੀਂ ਜ਼ਮੀਨ ਤੇ ਅਣਥੱਕ ਮਿਹਨਤ ਕਰ ਰਹੇ ਹਾਂ, ਅਤੇ ਲੋਕਾਂ ਨੇ ਇਕ ਵਾਰ ਫਿਰ ਸਾਡੇ ਤੇ ਭਰੋਸਾ ਕਰਕੇ ਹੁੰਗਾਰਾ ਭਰਿਆ ਹੈ।

ਆਪ ਸਰਕਾਰ ਤੇ ਸਿੱਧਾ ਨਿਸ਼ਾਨਾ ਸਾਧਦੇ ਹੋਏ ਵੜਿੰਗ ਨੇ ਕਿਹਾ, ਭਗਵੰਤ ਮਾਨ ਅਤੇ ਉਨ੍ਹਾਂ ਦੀ ਪਾਰਟੀ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਸ਼ਾਸਨ ਕਰਨ ਦੇ ਯੋਗ ਨਹੀਂ ਹਨ। ਪੰਚਾਇਤੀ ਚੋਣਾਂ ਵਿੱਚ ਹੇਰਾਫੇਰੀ ਕਰਨ ਦੀਆਂ ਉਨ੍ਹਾਂ ਦੀਆਂ ਕੋਸ਼ਿਸ਼ਾਂ ਲੋਕਤੰਤਰੀ ਪ੍ਰਕਿਰਿਆ ਪ੍ਰਤੀ ਉਨ੍ਹਾਂ ਦੀ ਨਿਰਾਸ਼ਾ ਅਤੇ ਅਣਦੇਖੀ ਨੂੰ ਦਰਸਾਉਂਦੀਆਂ ਹਨ। ਪਰ ਪੰਜਾਬ ਦੇ ਲੋਕਾਂ ਨੇ ਉਨ੍ਹਾਂ ਨੂੰ ਦਰਵਾਜ਼ਾ ਵਿਖਾ ਦਿੱਤਾ ਹੈ। ਪੰਜਾਬ ਦਾ ਭਵਿੱਖ ਕਾਂਗਰਸ ਦੇ ਨਾਲ ਹੈ ਅਤੇ ਅਸੀਂ ਇਸ ਸੂਬੇ ਦੇ ਹਰ ਨਾਗਰਿਕ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੰਮ ਕਰਦੇ ਰਹਾਂਗੇ।'

ਅੰਤ ਵਿੱਚ, ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਕਾਂਗਰਸ ਪਾਰਟੀ ਆਪ ਸਰਕਾਰ ਵੱਲੋਂ ਲੋਕਤੰਤਰ ਨੂੰ ਢਾਹ ਲਾਉਣ ਦੀਆਂ ਕਿਸੇ ਵੀ ਕੋਸ਼ਿਸ਼ਾਂ ਦਾ ਡੱਟ ਕੇ ਮੁਕਾਬਲਾ ਕਰੇਗੀ। ਅਸੀਂ ਇਸ ਸਰਕਾਰ ਨੂੰ ਲੋਕਾਂ ਦੇ ਜਮਹੂਰੀ ਹੱਕਾਂ ਨਾਲ ਖਿਲਵਾੜ ਨਹੀਂ ਕਰਨ ਦੇਵਾਂਗੇ। ਪੰਜਾਬ ਬਿਹਤਰ ਹੋਣ ਦਾ ਹੱਕਦਾਰ ਹੈ, ਅਤੇ ਕਾਂਗਰਸ ਦੇ ਨਾਲ, ਲੋਕ ਜਾਣਦੇ ਹਨ ਕਿ ਉਹ ਬਿਹਤਰ ਹੋਣਗੇ। ਇਨ੍ਹਾਂ ਚੋਣਾਂ ਵਿੱਚ ਸਾਡੀ ਜਿੱਤ ਇੱਕ ਉੱਜਵਲ ਕੱਲ੍ਹ ਦੀ ਸ਼ੁਰੂਆਤ ਹੈ।

# ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 5 ਉਮੀਦਵਾਰ ਅਯੋਗ ਐਲਾਨੇ : ਸਿਬਿਨ ਸੀ

(ਲੋਕ ਬਾਣੀ) ਭਾਰਤੀ ਚੋਣ ਕਮਿਸ਼ਨ ਵੱਲੋਂ ਵੱਖ-ਵੱਖ ਹੁਕਮਾਂ ਰਾਹੀਂ ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 5 ਉਮੀਦਵਾਰਾਂ ਨੂੰ ਅਯੋਗ ਐਲਾਨਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਉਮੀਦਵਾਰਾਂ ਨੇ ਲੋਕ ਪ੍ਰਤੀਨਿਧੀ ਐਕਟ, 1951 ਦੇ ਸੈਕਸ਼ਨ 78 ਅਨੁਸਾਰ ਨਿਸ਼ਚਿਤ ਸਮਾਂ ਸੀਮਾ ਅੰਦਰ ਆਪਣੇ ਚੋਣ ਖਰਚੇ ਦਾ ਵੇਰਵਾ ਕਮਿਸ਼ਨ ਕੋਲ ਜਮ੍ਹਾਂ ਨਹੀਂ ਕਰਵਾਇਆ ਜਿਸ ਕਰਕੇ ਅਗਲੇ 3 ਸਾਲ ਤੱਕ ਇਨ੍ਹਾਂ ਉਮੀਦਵਾਰਾਂ ਨੂੰ ਚੋਣ ਲੜਨ ਦੇ ਅਯੋਗ ਕਰਾਰ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ 5 ਉਮੀਦਵਾਰਾਂ ਵਿੱਚੋਂ ਸੰਗਰੂਰ ਜ਼ਿਲ੍ਹੇ ਦੇ 3 ਉਮੀਦਵਾਰ ਅਤੇ ਮਾਨਸਾ ਤੇ ਫਰੀਦਕੋਟ ਜ਼ਿਲ੍ਹੇ ਦਾ 1-1 ਉਮੀਦਵਾਰ ਸ਼ਾਮਿਲ ਹੈ। ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੇ ਹੁਕਮਾਂ ਰਾਹੀਂ ਸੰਗਰੂਰ ਜ਼ਿਲ੍ਹੇ ਦੀ ਧੂਰੀ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਸ਼ਕਤੀ ਕੁਮਾਰ ਗੁਪਤਾ ਤੇ ਜਸਵਿੰਦਰ ਸਿੰਘ ਅਤੇ ਸੁਨਾਮ ਵਿਧਾਨ ਸੀਟ ਤੋਂ ਚੋਣ ਲੜਨ ਵਾਲੇ ਸਨਮੁਖ ਸਿੰਘ ਮੋਖਾ ਨੂੰ ਅਯੋਗ ਕਰਾਰ ਦਿੱਤਾ ਗਿਆ ਹੈ।

ਇਸੇ ਤਰ੍ਹਾਂ ਫਰੀਦਕੋਟ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਗੁਰਚਰਨ ਸਿੰਘ ਸੰਘਾ ਨੂੰ ਵੀ ਅਯੋਗ ਐਲਾਨਿਆਂ ਗਿਆ ਹੈ। ਸਿਬਿਨ ਸੀ ਨੇ ਅੱਗੇ ਦੱਸਿਆ ਕਿ ਸੁਨਾਮ ਵਿਧਾਨ ਸੀਟ ਤੋਂ ਚੋਣ ਲੜਨ ਵਾਲੇ ਮਾਨਸਾ ਜ਼ਿਲ੍ਹੇ ਦੇ ਵਾਸੀ ਹਰਭਗਵਾਨ ਸ਼ਰਮਾ ਭਿੱਖੀ ਨੂੰ ਵੀ ਭਾਰਤੀ ਚੋਣ ਕਮਿਸ਼ਨ ਨੇ ਅਗਲੇ 3 ਸਾਲ ਤੱਕ ਚੋਣ ਲੜਨ ਦੇ ਅਯੋਗ ਐਲਾਨਿਆ ਹੈ।

# ਬਠਿੰਡਾ ਚ ਵੋਟਾਂ ਦੀ ਗਿਣਤੀ ਦੌਰਾਨ ਲੋਕਾਂ ਨੇ ਪੋਲਿੰਗ ਸਟਾਫ਼ ਨੂੰ ਬਣਾ ਲਿਆ ਬੰਧਕ ! ਫਿਰ ਪੁਲਿਸ ਵੱਲੋਂ ਹਵਾਈ ਫਾਇਰਿੰਗ



(ਲੋਕ ਬਾਣੀ) ਪੰਜਾਬ ਦੇ ਬਠਿੰਡੇ ਵਿੱਚ ਕਾਫੀ ਹੰਗਾਮਾ ਹੋਇਆ। ਬਠਿੰਡਾ ਦੇ ਪਿੰਡ ਬੁਰਜ ਮਾਨਸ਼ਾਹੀਆ ਵਿੱਚ ਮੰਗਲਵਾਰ ਰਾਤ ਪਿੰਡ ਵਾਸੀਆਂ ਨੇ ਪੋਲਿੰਗ ਸਟਾਫ਼ ਨੂੰ ਬੰਧਕ ਬਣਾ ਲਿਆ। ਪੋਲਿੰਗ ਸਟਾਫ਼ ਨੂੰ ਪੋਲਿੰਗ ਸਟੇਸ਼ਨ ਦੇ ਅੰਦਰ ਬੰਧਕ ਬਣਾ ਲਿਆ ਗਿਆ ਸੀ। ਲੋਕਾਂ ਨੇ ਇਮਾਰਤ ਦੇ ਮੁੱਖ ਗੇਟ ਨੂੰ ਤਾਲਾ ਲਗਾ ਦਿੱਤਾ ਅਤੇ ਖੁਦ ਗੇਟ ਦੇ ਬਾਹਰ ਹੜਤਾਲ ਤੇ ਬੈਠ ਗਏ।

ਜਾਣਕਾਰੀ ਦੇ ਮੁਤਾਬਿਕ ਬਠਿੰਡਾ ਦੇ ਕਸਬਾ ਭਗਤਾ ਭਾਈ ਕੇ ਦੇ ਪਿੰਡ ਭੋਡੀਪੁਰਾ ਵਿਖੇ ਵੋਟਾਂ ਦੀ ਗਿਣਤੀ ਤੋਂ ਬਾਅਦ ਪਿੰਡ ਵਾਸੀਆਂ ਵੱਲੋਂ ਪੋਲਿੰਗ ਸਟਾਫ ਨੂੰ ਘੇਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਬਚਾਅ ਕਰਨਾ ਆਈ ਪੁਲਿਸ ਉੱਤੇ ਪਿੰਡ ਭੋਡੀਪੁਰਾ ਵਾਸੀਆਂ ਨੇ ਇੱਟਾਂ ਰੋੜਿਆਂ ਨਾਲ ਹਮਲਾ ਕੀਤਾ ਹੈ। ਸੈਲਫ ਡਿਫੈਂਸ ਵਿੱਚ ਪੁਲਿਸ ਨੇ ਹਵਾਈ ਫਾਇਰ ਕੀਤੇ ਹਨ। ਚਾਰ ਪੁਲਿਸ ਮੁਲਾਜ਼ਮਾਂ ਨੂੰ ਬਠਿੰਡਾ ਦੇ ਸਰਕਾਰੀ ਹਸਪਤਾਲ ਜ਼ਖਮੀ ਇਲਾਜ ਲਈ ਲਿਆਂਦਾ ਗਿਆ ਹੈ।

# ਬਲਕੌਰ ਸਿੰਘ ਵੱਲੋ ਖੜ੍ਹੇ ਕੀਤੇ ਸਰਪੰਚ ਦੇ ਉਮੀਦਵਾਰ ਨੂੰ ਨਹੀਂ ਮਿਲੀ ਜਿੱਤ



(ਲੋਕ ਬਾਣੀ) ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲੇ ਦੇ ਪਿੰਡ ਮੂਸਾ ਵਿੱਚ ਬਲਕੌਰ ਸਿੰਘ ਦੇ ਸਮਰਥਕ ਸਰਪੰਚ ਉਮੀਦਵਾਰ ਨੂੰ ਕਰਾਰੀ ਹਾਰ ਦਾ ਸਹਾਮਣਾ ਕਰਨਾ ਪਿਆ ਹੈ। ਆਮ ਆਦਮੀ ਪਾਰਟੀ ਦੇ ਵਰਕਰ ਨੰਬਰਦਾਰ ਗੁਰਸ਼ਰਨ ਸਿੰਘ ਮੂਸਾ, ਪਿੰਡ ਮੂਸਾ ਦੇ ਸਰਪੰਚ ਚੁਣੇ ਗਏ ਹਨ। ਉਨ੍ਹਾਂ ਨੇ ਆਪਣੇ ਵਿਰੋਧੀ ਉਮੀਦਵਾਰ ਡਾ. ਬਲਜੀਤ ਸਿੰਘ ਨੂੰ 413 ਵੋਟਾਂ ਦੇ ਫਰਕ ਨਾਲ ਹਰਾਇਆ। ਵਿਰੋਧੀ ਉਮੀਦਵਾਰ ਡਾ. ਬਲਜੀਤ ਸਿੰਘ ਨੂੰ ਬਲਕੌਰ ਸਿੰਘ ਦੇ ਕਾਫੀ ਕਰੀਬੀ ਮੰਨੇ ਜਾਂਦੇ ਹਨ। ਉਨ੍ਹਾਂ ਵੱਲੋਂ ਹੀ ਡਾ. ਬਲਜੀਤ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਸੀ। ਬਲਕੌਰ ਸਿੰਘ ਨੇ ਬਕਾਇਦਾ ਪੋਲਿੰਗ ਏਜੰਟ ਬਣ ਕੇ ਡਿਊਟੀ ਵੀ ਨਿਭਾਈ ਸੀ।

# ਕਾਨਪੁਰ: ਗੋਵਿੰਦ ਨਗਰ ਚ ਅਪਰਾਧੀਆਂ ਦੇ ਖਿਲਾਫ ਪ੍ਰਭਾਵਸ਼ਾਲੀ ਕਾਰਵਾਈ ਨੂੰ ਲੈ ਕੇ ਤਿੱਖੀ ਗਸ਼ਤ

## ਗੋਵਿੰਦ ਨਗਰ ਤੋਂ ਪਹਿਲਾਂ ਵੀ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਵੱਖ-ਵੱਖ ਜ਼ਿਲ੍ਹਿਆਂ ਦੇ ਕਈ ਥਾਣਿਆਂ ਵਿੱਚ ਆਪਣੀਆਂ ਸ਼ਲਾਘਾਯੋਗ ਸੇਵਾਵਾਂ ਦੇ ਚੁੱਕੇ ਹਨ



ਕਾਨਪੁਰ(ਸੁਨੀਲ ਬਾਜਪਾਈ) ਦੁਸਹਿਰੇ ਦੇ ਸਫ਼ਲਤਾਪੂਰਵਕ ਸੰਪੰਨ ਹੋਣ ਤੋਂ ਬਾਅਦ ਆਗਾਮੀ ਦੀਵਾਲੀ ਆਦਿ ਦੇ ਮੱਦੇਨਜ਼ਰ ਇੱਥੋਂ ਦੀ ਗੋਵਿੰਦ ਨਗਰ ਪੁਲਿਸ ਲਗਾਤਾਰ ਗਸ਼ਤ ਕਰਨ ਦੇ ਨਾਲ-ਨਾਲ ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਦੇ ਨਾਲ-ਨਾਲ ਪੀੜਤਾਂ ਦੇ ਹਿੱਤ ਚ ਵੀ ਲੱਗੀ ਹੋਈ ਹੈ।
ਇਸ ਦੌਰਾਨ ਥਾਣਾ ਗੋਵਿੰਦ ਨਗਰ ਦੇ ਇੰਚਾਰਜ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ ਨੇ ਆਗਾਮੀ ਤਿਉਹਾਰਾਂ ਨੂੰ ਸ਼ਾਂਤਮਈ ਅਤੇ ਸਦਭਾਵਨਾ ਨਾਲ ਮਨਾਉਣ ਦੀ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਕਾਨੂੰਨ ਦੀ ਬਰਕਰਾਰ ਰੱਖਣ ਲਈ ਅਪਰਾਧੀਆਂ ਵਿਰੁੱਧ ਪੁਲਿਸ ਦਾ ਸਹਿਯੋਗ ਕਰਨਾ ਹਰੇਕ ਨਾਗਰਿਕ ਦਾ ਫਰਜ਼ ਹੈ ।ਅਤੇ ਆਰਡਰ.
ਕਾਨਪੁਰ ਤੋਂ ਪਹਿਲਾਂ ਵੀ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸ਼ਲਾਘਾਯੋਗ ਸੇਵਾਵਾਂ ਦੇਣ ਵਾਲੇ ਇੰਸਪੈਕਟਰ ਪ੍ਰਦੀਪ ਸਿੰਘ ਨੇ ਆਪਣੀ ਟੀਮ ਨਾਲ ਗੋਵਿੰਦ ਨਗਰ ਵਿੱਚ ਗਸ਼ਤ ਕਰਦਿਆਂ ਲੋਕਾਂ ਨੂੰ ਕਿਹਾ ਕਿ ਜੇਕਰ ਕਿਸੇ ਨਾਲ ਕੋਈ ਅਪਰਾਧਿਕ ਘਟਨਾ ਵਾਪਰਦੀ ਹੈ ਤਾਂ ਉਸ ਦੀ ਸੂਚਨਾ ਤੁਰੰਤ ਪੁਲੀਸ ਨੂੰ ਦਿੱਤੀ ਜਾਵੇ ਆਮ ਜਨਤਾ ਦੇ ਹਿੱਤ ਲਈ ਹਮੇਸ਼ਾ ਤਿਆਰ ਅਤੇ ਸਰਗਰਮ ਹੈ।
ਦੱਸ ਦੇਈਏ ਕਿ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਨੂੰ ਮਜਬੂਤ ਕਰਨ ਦੇ ਨਾਲ-ਨਾਲ ਅਪਰਾਧੀਆਂ ਦੇ ਖਿਲਾਫ ਪ੍ਰਭਾਵੀ ਕਾਰਵਾਈ ਕਰਨ ਦੇ ਨਾਲ-ਨਾਲ ਗੋਵਿੰਦ ਨਗਰ ਨੇ ਆਪਣੇ ਸਰਗਰਮ ਕਾਰਜਕਾਲ ਦੌਰਾਨ ਗਸ਼ਤ ਵਿੱਚ ਵੀ ਕਈ ਸ਼ਰਾਰਤੀ ਅਨਸਰਾਂ ਨੂੰ ਸਬਕ ਸਿਖਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ, ਜੋ ਕਿ ਹੁਸ਼ਿਆਰ, ਸੁਲਝੇ ਹੋਏ ਅਤੇ ਬੋਲਣ ਵਾਲੇ ਵਜੋਂ ਜਾਣੇ ਜਾਂਦੇ ਹਨ, ਦਾ ਸੁਭਾਅ ਵੀ ਇੰਨਾ ਸ਼ਲਾਘਾਯੋਗ ਹੈ ਕਿ ਕੋਈ ਵੀ ਸ਼ਿਕਾਇਤਕਰਤਾ ਜੋ ਵੀ ਉਨ੍ਹਾਂ ਕੋਲ ਆਉਂਦਾ ਹੈ, ਉਹ ਕਦੇ ਨਿਰਾਸ਼ ਹੋ ਕੇ ਨਹੀਂ ਮੁੜਦਾ।
ਗੋਬਿੰਦ ਨਗਰ ਦੇ ਇੰਸਪੈਕਟਰ ਪ੍ਰਦੀਪ ਕੁਮਾਰ ਸਿੰਘ, ਜੋ ਕਿ ਲੜਾਕੂ ਰਵੱਈਆ ਰੱਖਦੇ ਹਨ ਅਤੇ ਆਪਣੀ ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਲਈ ਜਾਣੇ ਜਾਂਦੇ ਹਨ ਅਤੇ ਪੀੜਤਾਂ ਦੀ ਤੁਰੰਤ ਮਦਦ ਅਤੇ ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਲਈ ਵੀ ਜਾਣੇ ਜਾਂਦੇ ਹਨ, ਉਦੋਂ ਤੱਕ ਕਿਸੇ ਵੀ ਪੀੜਤ ਲਈ ਲੱਗੇ ਰਹਿੰਦੇ ਹਨ। ਜਦੋਂ ਤੱਕ ਉਸ ਦੀ ਸਮੱਸਿਆ ਦਾ ਤਸੱਲੀਬਖਸ਼ ਹੱਲ ਨਹੀਂ ਹੋ ਜਾਂਦਾ।

ਰੋਜ਼ਾਨਾ ਲੋਕ ਬਾਣੀ www.lokbani

# ਲੋਕਾਂ ਦੀ ਰੋਮ ਰੋਮ ਸ਼ੁਕਰ ਗੁਜ਼ਾਰ ਹਾਂ -ਮੁਕਤ ਕੋਰ



ਸ਼੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ ) ਇਲਾਕੇ ਦੇ ਨੌਜਵਾਨ ਆਗੂ ਹਰਤੇਗਵੀਰ ਸਿੰਘ ਤੇਗੀ ਦੀ ਧਰਮ ਪਤਨੀ ਮੁਕਤ ਕੋਰ ਸਰਪੰਚ ਚੁਣੀ ਗਈ। ਪਿੰਡ ਸਹੋਤਾ ਤੋਂ ਪਹਿਲੀ ਵਾਰ ਚੋਣ ਲੜਨ ਵਾਲੀ ਮੁਕਤ ਕੌਰ ਨੇ ਚਾਰ ਵੋਟਾਂ ਤੇ ਜਿੱਤ ਪ੍ਰਾਪਤ ਕੀਤੀ। ਇਸ ਪਿੰਡ ਦੀ ਕੁੱਲ ਵੋਟਾਂ ਦੀ ਗਿਣਤੀ 627 ਹੈ ਜਦੋਂ ਕਿ 450 ਵੋਟਾਂ ਪੋਲ ਹੋਈਆਂ ਜਿਨਾਂ ਚੋਂ ਛੇ ਵੋਟਾਂ ਕੈਂਸਲ ਹੋ ਗਈਆਂ। ਮੁਕਤ ਕੋਰ ਨੂੰ 224 ਵੋਟਾਂ ਪਈਆਂ ਜਦੋਂ ਕਿ ਵਿਰੋਧੀ ਧਿਰ ਅਨੀਤਾ ਰਾਣੀ ਨੂੰ 220 ਵੋਟਾਂ ਪਈਆਂ। ਇਸ ਤਰਹਾਂ ਮੁਕਤ ਕੋਰ ਚਾਰ ਵੋਟਾਂ ਨਾਲ ਸਰਪੰਚ ਦੀ ਚੋਣ ਲਈ ਜੇਤੂ ਕਰਾਰ ਦਿੱਤੀ ਗਈ। ਇਸ ਮੌਕੇ ਭਾਵਕ ਹੁੰਦਿਆਂ ਮੁਕਤ ਕੋਰ ਨੇ ਕਿਹਾ ਕਿ ਮੈਂ ਬਹੁਤ ਭਾਗਾਂ ਵਾਲੀ ਹਾਂ ਜੋ ਇਸ ਗੁਰੂ ਧਰਤੀ ਤੇ ਰਹਿ ਕੇ ਇਸ ਪਿੰਡ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਹਨਾਂ ਕਿਹਾ ਮੈਂ ਸਮੂਹ ਪਿੰਡ ਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੀ ਹਾਂ ਜਿਨਾਂ ਨੇ ਮੈਨੂੰ ਵੋਟਾਂ ਪਾ ਕੇ ਸਰਪੰਚ ਬਣਾਇਆ ।ਉਹਨਾਂ ਕਿਹਾ ਮੈਂ ਪਿੰਡ ਦੇ ਵਿਕਾਸ ਲਈ ਦਿਨ ਰਾਤ ਕੰਮ ਕਰਾਂਗੀ ਤੇ ਕੋਈ ਕਸਰ ਨਹੀਂ ਛੱਡਾਂਗੀ ।ਮੁਕਤ ਕੋਰ ਨੇ ਕਿਹਾ ਮੈਂ ਪਿੰਡ ਵਾਸੀਆਂ ਦੀ ਰੋਮ ਰੋਮ ਰਿਣੀ ਹਾਂ ਤੇ ਸ਼ੁਕਰ ਗੁਜ਼ਾਰ ਹਾਂ ਇਸ ਮੌਕੇ ਉਹਨਾਂ ਦੇ ਸਮਰਥਕ ਭਰੀ ਗਿਣਤੀ ਵਿੱਚ ਹਾਜ਼ਰ ਸਨ ।

ਰੋਜ਼ਾਨਾ ਲੋਕ ਬਾਣੀ www.lokbani

# ਮਨਵੀਰ ਚੌਧਰੀ ਰਿਕਾਰਡ ਤੋੜ ਵੋਟਾਂ ਨਾਲ ਬਣੇ ਪਿੰਡ ਬੜੀ ਦੇ ਨਵੇਂ ਸਰਪੰਚ

## ਮੈਂ ਨਗਰ ਨਿਵਾਸੀਆਂ ਦੇ ਦਿੱਤੇ ਮਾਣ ਦਾ ਕਰਜ਼ਾ ਨਹੀਂ ਉਤਾਰ ਸਕਾਂਗਾ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਇਥੋਂ ਨੇੜਲੇ ਪਿੰਡ ਬੜੀ ਤੋਂ ਸਰਪੰਚੀ ਦੀ ਚੋਣ ਲੜ ਰਹੇ ਨੌਜਵਾਨ ਆਗੂ ਮਨਵੀਰ ਸਿੰਘ ਵੱਡੀ ਲੀਡ ਲੈ ਕੇ ਜੇਤੂ ਰਹੇ ਅਤੇ ਪਿੰਡ ਦੇ ਸਰਪੰਚ ਬਣੇ। ਉਹਨਾਂ ਦੇ ਸਮਰਥਕਾਂ ਵੱਲੋਂ ਉਨਾਂ ਦਾ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਉਹਨਾਂ ਕਿਹਾ ਕਿ ਜਿੱਥੇ ਮੇਰੇ ਸਿਰ ਉੱਪਰ ਵਾਹਿਗੁਰੂ ਪਰਮਾਤਮਾ ਦਾ ਹੱਥ ਰਿਹਾ ਉਥੇ ਮੇਰੇ ਵੱਡੇ ਭਰਾ ਸਾਬਕਾ ਸਰਪੰਚ ਜਸਮੇਲ ਸਿੰਘ ਬੜੀ ਅਤੇ ਮੇਰੇ ਵੋਟਰਾਂ ਸਪੋਰਟਰਾਂ ਨੇ ਮੈਨੂੰ ਐਡਾ ਵੱਡਾ ਮਾਣ ਸਨਮਾਨ ਬਖਸ਼ ਕੇ ਮੇਰੇ ਤੇ ਇਕ ਵੱਡਾ ਕਰਜਾ ਚਾੜ ਦਿੱਤਾ ਹੈ। ਕਿਉਂਕਿ ਇਹ ਚੋਣ ਮੈਂ ਇਕੱਲਿਆਂ ਕਦੇ ਨਹੀਂ ਸੀ ਜਿੱਤ ਸਕਦਾ ਕਿਉਂਕਿ ਤੁਹਾਡੇ ਭਰਾਵਾਂ ਤੇ ਵਾਹਿਗੁਰੂ ਦੇ ਮਿਹਰ ਸਦਕਾ ਆਪਾਂ ਇਸ ਮੋਰਚੇ ਨੂੰ ਫਤਿਹ ਕੀਤਾ ਹੈ। ਇਸ ਮੌਕੇ ਸਾਬਕਾ ਸਰਪੰਚ ਜਸਮੇਲ ਸਿੰਘ ਬੜੀ ਨੇ ਜਿੱਥੇ ਸਾਰੇ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ ਉੱਥੇ ਕਿਹਾ ਹੈ ਕਿ ਮੈਨੂੰ ਪੂਰਨ ਆਸ ਹੈ ਕਿ ਪਿੰਡ ਦੇ ਸਿਆਣੇ ਸੁਲਝੇ ਹੋਏ ਲੋਕਾਂ ਦੇ ਅਸ਼ੀਰਵਾਦ ਨਾਲ ਪਿੰਡ ਦੀ ਨਵੀਂ ਬਣੀ ਪੰਚਾਇਤ ਪਿੰਡ ਅੰਦਰ ਵਧੀਆ ਢੰਗ ਨਾਲ ਕੰਮ ਕਰਨ ਦੀ ਕੋਸ਼ਿਸ਼ ਕਰੇਗੀ।ਕਿਉਂਕਿ ਅਸੀਂ ਪਹਿਲਾਂ ਵੀ ਦੱਸ ਚੁੱਕੇ ਹਾਂ ਕਿ ਸਾਡਾ ਸੁਪਨਾ ਹੈ ਕਿ ਆਪਣੇ ਨਗਰ ਨੂੰ ਪੂਰੇ ਪੰਜਾਬ ਅੰਦਰ ਇੱਕ ਨਮੂਨੇ ਦਾ ਪਿੰਡ ਬਣਾਇਆ ਜਾ ਸਕੇ। ਉਨਾਂ ਆਪਣੇ ਵੋਟਰਾਂ ਅਤੇ ਸਪੋਰਟਰਾਂ ਤੋ ਇਲਾਵਾ ਸਮੂਹ ਨਗਰ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਨੂੰ ਪੂਰਨ ਉਮੀਦ ਹੈ ਕਿ ਸਾਡੀ ਸਮੁੱਚੀ ਗ੍ਰਾਮ ਪੰਚਾਇਤ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਪਿੰਡ ਦੀ ਸੇਵਾ ਕਰਨ ਵਿੱਚ ਕੋਈ ਕਾਸਰ ਬਾਕੀ ਨਹੀਂ ਛੱਡਣਗੀ। ਇਸ ਮੌਕੇ ਉਨਾਂ ਨਾਲ ਹਰਪ੍ਰੀਤ ਕੌਰ, ਕੁਲਦੀਪ ਸਿੰਘ, ਗੁਰਦੀਪ ਸਿੰਘ, ਕੁਲਦੀਪ ਸਿੰਘ, ਕੁਲਵਿੰਦਰ ਦੇਵੀ, ਹਰਦੀਪ ਕੌਰ ਅਤੇ ਸੁਖਵਿੰਦਰ ਕੌਰ ਪੰਚਾਂ ਤੋਂ ਇਲਾਵਾ ਉਨਾਂ ਦੇ ਸਮਰਥਕ ਵੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਡਾਕਟਰ ਰਣਜੀਤ ਸਿੰਘ ਵੱਡੀ ਲੀਡ ਲੈ ਕੇ ਪਿੰਡ ਕਾਲਾਬੂਲਾ ਦੇ ਨਵੇਂ ਬਣੇ ਸਰਪੰਚ

## ਤੁਸੀ ਮੇਰੇ ਉੱਪਰ ਐਨਾ ਕਰਜ ਚਾੜ ਦਿੱਤਾ ਜਿਸ ਨੂੰ ਮੈਂ ਸਾਰੀ ਉਮਰ ਚੁਕਾ ਨਹੀਂ ਸਕਾਂਗਾ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਇਥੋਂ ਨੇੜਲੇ ਪਿੰਡ ਕਾਲਾਬੂਲਾ ਵਿਖੇ ਸਰਪੰਚੀ ਦੀ ਚੋਣ ਲੜ ਰਹੇ ਉਮੀਦਵਾਰ ਡਾਕਟਰ ਰਣਜੀਤ ਸਿੰਘ ਪੰਚਾਇਤ ਮੈਂਬਰਾਂ ਦੀ ਪੂਰਨ ਬਹੁਮਤ ਸਮੇਤ ਖੁਦ 629 ਵੋਟਾਂ ਪ੍ਰਾਪਤ ਕਰਕੇ 353 ਵੋਟਾਂ ਦੇ ਵੱਡੇ ਫਰਕ ਨਾਲ ਜੇਤੂ ਰਹੇ। ਦੇਰ ਰਾਤ ਦੇ ਹੋਏ ਐਲਾਨ ਤੋਂ ਬਾਅਦ ਡਾਕਟਰ ਰਣਜੀਤ ਸਿੰਘ ਦੇ ਸਮਰਥਕਾਂ ਵਿੱਚ ਭਾਰੀ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲੀ ਅਤੇ ਉਹਨਾਂ ਨੇ ਜਸਨ ਮਨਾਏ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਰਣਜੀਤ ਸਿੰਘ ਕਾਲਾਬੂਲਾ ਨੇ ਕਿਹਾ ਹੈ ਕਿ ਮੇਰੇ ਨਗਰ ਨੇ ਮੇਰੇ ਉੱਪਰ ਐਡਾ ਵੱਡਾ ਕਰਜ ਚਾੜ ਦਿੱਤਾ ਜਿਸ ਨੂੰ ਮੈਂ ਜ਼ਿੰਦਗੀ ਭਰ ਚੁਕਾ ਨਹੀਂ ਸਕਾਂਗਾ। ਉਨਾਂ ਅੱਗੇ ਕਿਹਾ ਹੈ ਕਿ ਮੈਂ ਆਪਣੇ ਚੋਣ ਮਨੋਰਥ ਪੱਤਰ ਅਨੁਸਾਰ ਜਿੰਨੇ ਵੀ ਲੋਕਾਂ ਨਾਲ ਵਾਅਦੇ ਕੀਤੇ ਹਨ ਉਹਨਾਂ ਨੂੰ ਸਮੁੱਚੀ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਨੇਪਰੇ ਚਾੜਾਂਗਾ। ਅਖੀਰ ਵਿੱਚ ਉਹਨਾਂ ਕਿਹਾ ਹੈ ਕਿ ਮੈਂ ਸਮੁੱਚੇ ਨਗਰ ਨਿਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹੋਏ ਵਾਹਿਗੁਰੂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਨਵੀਂ ਬਣੀ ਪੰਚਾਇਤ ਨੂੰ ਕੰਮ ਕਰਨ ਦਾ ਬਲ ਬਖਸ਼ੇ। ਇਸ ਉਪਰੰਤ ਰਜਿੰਦਰ ਸਿੰਘ ਰਾਜੂ, ਮਨਦੀਪ ਸਿੰਘ ਅਤੇ ਕੁਲਵਿੰਦਰ ਕੌਰ ਨਿਰਵਿਰੋਧ ਪੰਚ ਬਣੇ। ਇਸ ਤੋਂ ਇਲਾਵਾ ਅਮਰਜੀਤ ਕੌਰ, ਸੁਖਵਿੰਦਰ ਸਿੰਘ ਗਗਨਾ, ਧਰਮਜੀਤ ਸਿੰਘ ਅਤੇ ਅਮਰਜੀਤ ਕੌਰ ਵੀ ਪੰਚੀ ਵਿੱਚ ਜੇਤੂ ਰਹੇ । ਇਸ ਮੌਕੇ ਵੱਖ ਵੱਖ ਵਾਰਡਾਂ ਦੇ ਜੇਤੂ ਸਿਰਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਉਨਾਂ ਦੇ ਸਮਰਥਕ ਵੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਨਗਰ ਕੌਂਸਲ ਖਰੜ ਵਲੋਂ 20 ਲੱਖ ਰੁਪਏ ਦੀ ਲਾਗਤ ਨਾਲ 'ਮਹਾਂਰਿਸ਼ੀ ਵਾਲਮੀਕ ਧਰਮਸ਼ਾਲਾ' ਤੇ ਖਰਚ ਕੀਤਾ



ਖਰੜ, ( ਕਾਲਾ ਸਿੰਘ ਸੈਣੀ ):-ਖਰੜ ਸ਼ਹਿਰ ਦੇ ਵਾਰਡ ਨੰ: 21 'ਚ ਨਗਰ ਕੌਂਸਲ ਖਰੜ ਵਲੋਂ 'ਮਹਾਂਰਿਸ਼ੀ ਵਾਲਮੀਕ ਧਰਮਸ਼ਾਲਾ' ਦੀ ਰੈਨਵੋਨੇਸ਼ਨ ਦਾ ਕੰਮ ਮੁਕੰਮਲ ਹੋਣ ਤੇ ਵਿਧਾਨ ਸਭਾ ਹਲਕਾ ਦੀ ਵਿਧਾਇਕਾ ਅਨਮੋਲ ਗਗਨ ਮਾਨ ਦੇ ਪਿਤਾ ਯੋਧਾ ਸਿੰਘ ਮਾਨ, ਨਗਰ ਕੌਂਸਲ ਖਰੜ ਦੀ ਪ੍ਰਧਾਨ ਜਸਪ੍ਰੀਤ ਕੌਰ ਲੌਂਗੀਆ ਵਲੋਂ ਸਾਂਝੇ ਤੌਰ ਤੇ ਉਦਘਾਟਨ ਕੀਤਾ ਗਿਆ। ਉਦਘਾਟਨ ਕਰਨ ਉਪਰੰਤ ਗੱਲਬਾਤ ਕਰਦਿਆ ਕੌਂਸਲ ਪ੍ਰਧਾਨ ਨੇ ਦੱਸਿਆ ਕਿ ਇਸ ਧਰਮਸ਼ਾਲਾ ਤੇ 20 ਲੱਖ ਰੁਪਏ ਦੀ ਰਾਸ਼ੀ ਖਰਚ ਕੀਤੀ ਗਈ ਹੈ ਅਤੇ ਇਸ ਧਰਮਸ਼ਾਲਾ ਵਿਚ ਸਮਾਗਮ ਕਰਵਾਉਣ ਲਈ ਵਾਰਡ ਅਤੇ ਸ਼ਹਿਰ ਨਿਵਾਸੀਆਂ ਨੂੰ ਰਾਹਤ ਮਿਲੇਗੀ। ਵਾਰਡ ਨੰ: 21 ਦੀ ਮਿਊਸਪਲ ਕੌਂਸਲਰ ਸਿਵਾਨੀ ਚੱਢਾ ਨੇ ਵਾਰਡ ਤੇ ਸ਼ਹਿਰ ਨਿਵਾਸੀਆਂ ਨੂੰ ਮਹਾਂਰਿਸ਼ੀ ਵਾਲਮੀਕ ਜੈਅੰਤੀ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਵਾਰਡ ਨਿਵਾਸੀਆਂ ਨੂੰ ਇਸ ਧਰਮਸ਼ਾਲਾ ਦੀ ਅਹਿਮ ਲੋੜ ਸੀ ਮਹਾਂਰਿਸ਼ੀ ਵਾਲਮੀਕ ਮੰਦਰ ਵਿਚ ਸਮਾਗਮ ਕਰਨ ਲਈ ਕੋਈ ਦਿੱਕਤ ਨਹੀਂ ਆਵੇਗੀ। । ਇਸ ਮੌਕੇ ਨਗਰ ਕੌਂਸਲ ਖਰੜ ਦੇ ਕਾਰਜ ਸਾਧਕ ਅਫਸਰ ਰਵਨੀਤ ਸਿੰਘ, ਕੌਂਸਲਰ ਗੋਵਿੰਦਰ ਸਿੰਘ ਚੀਮਾ, ਰਾਜਬੀਰ ਸਿੰਘ ਰਾਜੀ, ਰਾਜਿੰਦਰ ਸਿੰਘ ਨੰਬਰਦਾਰ, ਨੌਜਵਾਨ ਵਾਲਮੀਕ ਸਭਾ ਖਰੜ ਦੇ ਪ੍ਰਧਾਨ ਰਣਜੀਤ ਸਿੰਘ, ਕਮਲ ਕਿਸ਼ੋਰ ਸ਼ਰਮਾ, ਨਵਦੀਪ ਸਿੰਘ ਬੱਬੂ,ਸਮਾਜ ਸੇਵੀ ਪੰਕਜ ਚੱਢਾ ਸਮੇਤ ਵਾਰਡ ਤੇ ਸ਼ਹਿਰ ਨਿਵਾਸੀ ਹਾਜ਼ਰ ਸਨ।

# ਦਰੱਖਤ ਦਾ ਵੱਡਾ ਟਾਹਣਾ ਟੁੱਟ ਕੇ ਤਾਰਾਂ ਵਿਚ ਫਸਿਆ-ਵਾਪਰ ਸਕਦਾ ਵੱਡਾ ਹਾਦਸਾ



ਖਰੜ, ( ਕਾਲਾ ਸਿੰਘ ਸੈਣੀ ):- ਬੱਸ ਅੱਡਾ ਖਰੜ ਨੇੜੇ ਪੁਰਾਣੀ ਮੋਰਿੰਡਾ ਸੜਕ ਤੇ ਬਣੀ ਹੋਈ ਦੁਰਗਾ ਦਾਸ ਮਾਰਕੀਟ ਦੇ ਰਸਤੇ 'ਤੇ ਨਿੰਮ ਦੇ ਦਰੱਖਤ ਤੋਂ ਟੁੱਟਿਆ ਹੋਇਆ ਵੱਡਾ ਟਾਹਣਾ ਡਿੱਗਣ ਕਾਰਨ ਵੱਡਾ ਹਾਦਸਾ ਹੋ ਸਕਦਾ ਹੈ, ਸੜਕ ਤੇ ਪਿਛਲੇ ਕਾਫੀ ਸਮੇਂ ਇਹ ਨਿੰਮ ਦਾ ਸੁੱਕਾ ਦਰੱਖਤ ਹੋਣ ਖੜਾ ਹੈ ਜਿਸ ਤੇ ਜੰਗਲਾਤ ਵਿਭਾਗ ਦਾ ਨੰਬਰ ਵੀ ਲੱਗਾ ਹੋਇਆ ਹੈ। ਇਸ ਦਰੱਖਤ ਤੇ ਤਾਰਾਂ ਦਾ ਜਾਲ ਵਿਛਿਆ ਹੋਇਆ ਹੈ ਅਤੇ ਰਾਤ ਸਮੇਂ ਦੁਕਾਨਦਾਰਾਂ ਵਲੋਂ ਲਾਈਟਾਂ ਵੀ ਲਗਾਈਆਂ ਹੋਈਆਂ ਹਨ ਪਰ ਅੱਜ ਤੱਕ ਕਿਸੇ ਵੀ ਇਸ ਨਿੰਮ ਦੇ ਦਰੱਖਤ ਦੇ ਟੁੱਟੇ ਹੋਏ ਟਾਹਣੇ ਤੇ ਕਿਸੇ ਦੀ ਕੋਈ ਨਜ਼ਰ ਨਹੀਂ ਪਈ। ਜੇਕਰ ਇਹ ਦਰੱਖਤ ਦਾ ਟਾਹਣਾ ਥੱਲੇ ਡਿੱਗਦਾ ਹੈ ਤਾਂ ਕਿਸੇ ਵੀ ਸਮੇਂ ਵੱਡਾ ਹਾਦਸਾ ਵਾਪਰ ਸਕਦਾ ਹੈ ਕਿਉਕਿ ਇਸ ਰਸਤੇ ਰਾਹੀਂ ਅੱਗੇ ਸਕੂਟਰ, ਮੋਟਰ ਸਾਇਕਲ, ਕਾਰ ਪਾਰਕਿੰਗ ਅਤੇ ਦੁਕਾਨਾਂ ਤੇ ਸ਼ਰਾਬ ਦਾ ਠੇਕਾ ਹੈ ਜਿਥੇ ਰੋਜਾਨਾ ਲੋਕਾਂ ਦਾ ਕਾਫੀ ਆਉਣਾ ਜਾਣਾ ਹੈ। ਸ਼ਰਾਬ ਦੇ ਠੇਕੇ ਕਾਰਨ ਇਥੇ ਸ਼ਰਾਬੀਆਂ ਦਾ ਸਵੇਰ ਤੋਂ ਲੈ ਕੇ ਦੇਰ ਰਾਤ ਤੱਕ ਤਾਂਤਾਂ ਲੱਗਿਆ ਰਹਿੰਦਾ ਹੈ ਅਗਰ ਇਹ ਟਾਹਣਾ ਥੱਲੇ ਡਿੱਗ ਗਿਆ ਤਾਂ ਕਿਸੇ ਦਾ ਜਾਨੀ ਨੁਕਸਾਨ ਵੀ ਹੋ ਸਕਦਾ ਹੈ।ਮਾਰਕੀਟ ਦੇ ਦੁਕਾਨਦਾਰਾਂ ਨੇ ਜੰਗਲਾਤ ਵਿਭਾਗ ਤੋਂ ਮੰਗ ਕੀਤੀ ਕਿ ਇਸ ਸੁੱਕੇ ਦਰੱਖਤ ਦੇ ਟਾਹਣੇ ਨੂੰ ਤੁਰੰਤ ਹਟਾਇਆ ਜਾਵੇ।

# ਪਿੰਡ ਮਲਕਪੁਰ ਤੋਂ ਸਰਦਾਰਨੀ ਕੁਲਵਿੰਦਰ ਕੌਰ ਦੇ ਸਿਰ ਸਜਿਆ ਸਰਪੰਚੀ ਦਾ ਤਾਜ





ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਬਲਾਕ ਫਗਵਾੜਾ ਦੇ ਪਿੰਡ ਮਲਕਪੁਰ ਵਿਖੇ ਪੰਚਾਇਤੀ ਚੋਣਾਂ ਵਿਚ ਸਰਦਾਰਨੀ ਕੁਲਵਿੰਦਰ ਕੌਰ ਪਤਨੀ ਸਰਦਾਰ ਦਿਲਬਾਗ ਸਿੰਘ ਘੁੰਮਣ ਨੇ ਆਪਣੇ ਵਿਰੋਧੀ ਉਮੀਦਵਾਰਾਂ ਨੂੰ ਕਰਾਰੀ ਸ਼ਿਕਸਤ ਦਿੰਦੇ ਹੋਏ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ। ਸਮੂਹ ਪਿੰਡ ਵਾਸੀਆਂ ਵਲੋਂ ਨਵੀਂ ਚੁਣੀ ਸਰਪੰਚ ਕੁਲਵਿੰਦਰ ਕੌਰ ਘੁੰਮਣ ਅਤੇ ਪੰਚਾਇਤ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਰਪੰਚ ਕੁਲਵਿੰਦਰ ਕੌਰ ਨੇ ਸਮੂਹ ਪੰਚਾਇਤ ਮੈਂਬਰਾਂ ਵਲੋਂ ਵੋਟਰਾਂ ਅਤੇ ਸਪੋਰਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਨੇ ਸਮੂਹ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਪਿੰਡ ਦਾ ਵਿਕਾਸ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਸਮੂਹ ਵਸਨੀਕਾਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ। ਅਧੂਰੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਅਧਾਰ ਤੇ ਪੂਰਾ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਵੀ ਜੋ ਵਾਅਦੇ ਉਹਨਾਂ ਚੋਣਾਂ ਤੋਂ ਪਹਿਲਾਂ ਕੀਤੇ ਹਨ, ਉਹ ਸਾਰੇ ਵਾਅਦੇ ਪੂਰੇ ਕੀਤੇ ਜਾਣਗੇ। ਉਹਨਾਂ ਕਿਹਾ ਕਿ ਸਮੁੱਚੀ ਪੰਚਾਇਤ ਪਿੰਡ ਵਾਸੀਆਂ ਦੀ ਸੇਵਾ ਵਿਚ ਹਮੇਸ਼ਾ ਤੱਤਪਰ ਰਹੇਗੀ। ਕੋਈ ਵੀ ਲੋੜਵੰਦ ਪੰਚਾਇਤ ਨਾਲ ਸਬੰਧਤ ਕੰਮ-ਕਾਜ ਲਈ ਜਦੋਂ ਚਾਹੇ ਉਹਨਾਂ ਨਾਲ ਸੰਪਰਕ ਕਰ ਸਕਦਾ ਹੈ। ਇਸ ਮੌਕੇ ਸੁਖਵਿੰਦਰ ਸਿੰਘ ਫੌਜੀ, ਸ਼ੇਰਾ ਘੁੰਮਣ,ਸੋਢੀ ਰਾਮ, ਸੁਨੀਲ ਕੁਮਾਰ, ਬਲਦੇਵ ਸਿੰਘ ਬਾਜਵਾ, ਗੁਰਮੁਖ ਸਿੰਘ, ਗੁਰਦੇਵ ਸਿੰਘ, ਸਤਵੀਰ ਸਿੰਘ ਘੁੰਮਣ ਤੋਂ ਇਲਾਵਾ ਹਰਭਜਨ ਸਿੰਘ ਬਾਜਵਾ ਮਲਕਪੁਰ ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਦੋਆਬਾ, ਗੁਰਨਾਮ ਸਿੰਘ ਘੁੰਮਣ, ਦਰਸ਼ਨ ਸਿੰਘ ਬਦੇਸ਼ਾ, ਸੁਖਵਿੰਦਰ ਸਿੰਘ, ਸਾਬਕਾ ਸਰਪੰਚ, ਲਖਬੀਰ ਸਿੰਘ ਢੀਂਡਸਾ, ਗੁਰਮੇਲ ਸਿੰਘ ਬਾਜਵਾ, ਜਰਨੈਲ ਸਿੰਘ ਘੁੰਮਣ, ਪਰਮਜੀਤ ਸਿੰਘ ਘੁੰਮਣ, ਗੁਰਨਾਮ ਸਿੰਘ ਫੌਜੀ, ਪੂਰਨ ਸਿੰਘ ਘੁੰਮਣ, ਜਸਵੀਰ ਸਿੰਘ ਘੁੰਮਣ, ਜਸਵਿੰਦਰ ਸਿੰਘ ਬਦੇਸ਼ਾ, ਨਿਸ਼ਾਨ ਸਿੰਘ ਘੁੰਮਣ, ਬਾਪੂ ਦਰਸ਼ਨ ਸਿੰਘ ਬਦੇਸ਼ਾ, ਨਿਰਮਲ ਸਿੰਘ ਉਪ ਪ੍ਰਧਾਨ ਅਤੇ ਨਿਰਮਲ ਸਿੰਘ ਸਕੱਤਰ ਡਾ. ਬੀ.ਆਰ. ਅੰਬੇਡਕਰ ਵੈਲਫੇਅਰ ਸੁਸਾਇਟੀ, ਸ਼ਾਦੀ ਰਾਮ ਸਾਬਕਾ ਸਰਪੰਚ, ਤਰਸੇਮ ਲਾਲ, ਸੁਰਿੰਦਰ ਪਾਲ, ਸੁਖਵਿੰਦਰ ਸਿੰਘ ਆਦਿ ਹਾਜਰ ਸਨ।

# ਗੁਰਮੀਤ ਸਿੰਘ ਗੋਗੀ ਬਣੇ ਪਿੰਡ ਲੱਖਪੁਰ ਦੇ ਸਰਪੰਚ

## ਵਿਰੋਧੀ ਉਮੀਦਵਾਰ ਨੂੰ 305 ਵੋਟਾਂ ਨਾਲ ਦਿੱਤੀ ਮਾਤ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਬਲਾਕ ਫਗਵਾੜਾ ਦੇ ਪਿੰਡ ਲੱਖਪੁਰ ਵਿਖੇ ਹੋਈਆਂ ਪੰਚਾਇਤੀ ਚੋਣਾਂ ਵਿਚ ਗੁਰਮੀਤ ਸਿੰਘ ਗੋਗੀ ਨੇ ਆਪਣੇ ਵਿਰੋਧੀ ਉਮੀਦਵਾਰ ਨੂੰ 305 ਵੋਟਾਂ ਨਾਲ ਮਾਤ ਦਿੰਦਿਆਂ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ। ਜੇਤੂ ਉਮੀਦਵਾਰ ਗੁਰਮੀਤ ਸਿੰਘ ਗੋਗੀ ਨੂੰ 647 ਵੋਟਾਂ ਮਿਲੀਆਂ ਜਦਕਿ ਉਹਨਾਂ ਦੇ ਨੇੜਲੇ ਵਿਰੋਧੀ ਸੰਤੋਖ ਸਿੰਘ ਲੱਖਪੁਰ ਨੇ 342 ਵੋਟਾਂ ਹਾਸਲ ਕੀਤੀਆਂ। ਨਵ ਨਿਯੁਕਤ ਸਰਪੰਚ ਗੁਰਮੀਤ ਸਿੰਘ ਗੋਗੀ ਨੇ ਗੁਰੂ ਘਰ ਵਿਖੇ ਨਤਮਸਤਕ ਹੁੰਦਿਆਂ ਪਰਮਾਤਮਾ ਦਾ ਸ਼ੁਕਰਾਨਾ ਕਰਨ ਉਪਰੰਤ ਸਮੂਹ ਵੋਟਰਾਂ ਅਤੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਜਿਹਨਾਂ ਨੇ ਉਹਨਾਂ ਦੇ ਹੱਕ ਵਿਚ ਦਿਨ-ਰਾਤ ਪ੍ਰਚਾਰ ਮੁਹਿਮ ਜਾਰੀ ਰੱਖੀ ਅਤੇ ਭਾਰੀ ਗਿਣਤੀ ਵਿਚ ਵੋਟਾਂ ਪਾ ਕੇ ਸਰਪੰਚੀ ਦਾ ਤਾਜ ਉਹਨਾਂ ਸਿਰ ਸਜਾਇਆ ਹੈ। ਪਿੰਡ ਵਾਸੀਆਂ ਵਲੋਂ ਵੀ ਸਰਪੰਚ ਗੁਰਮੀਤ ਸਿੰਘ ਗੋਗੀ ਅਤੇ ਨਵੇਂ ਚੁਣੇ ਪੰਚਾਇਤ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ। ਸਰਪੰਚ ਗੋਗੀ ਸਮੇਤ ਸਮੂਹ ਪੰਚਾਇਤ ਮੈਂਬਰਾ ਨੇ ਸੇਵਾਦਾਰ ਵਜੋਂ ਪਿੰਡ ਵਾਸੀਆਂ ਦੀ ਸੇਵਾ ਕਰਨ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਜੋ ਵਾਅਦੇ ਉਹਨਾਂ ਚੋਣਾਂ ਤੋਂ ਪਹਿਲਾਂ ਕੀਤੇ ਸਨ, ਉਹਨਾਂ ਨੂੰ ਇਨ-ਬਿਨ ਪੂਰਾ ਕਰਨਗੇ। ਪਿੰਡ ਦੇ ਵਿਕਾਸ ਨੂੰ ਪਹਿਲ ਦਿੱਤੀ ਜਾਵੇਗੀ। ਲੋਕਾਂ ਦੇ ਰੁਕੇ ਹੋਏ ਜਰੂਰੀ ਕੰਮ ਸਰਕਾਰੀ ਦਫਤਰਾਂ ਤੋਂ ਪੂਰੇ ਕਰਵਾਏ ਜਾਣਗੇ। ਉਹਨਾਂ ਇਹ ਭਰੋਸਾ ਵੀ ਦਿੱਤਾ ਕਿ ਪੰਜਾਬ ਸਰਕਾਰ ਅਤੇ ਐਨ.ਆਰ.ਆਈ. ਵੀਰਾਂ ਦੇ ਸਹਿਯੋਗ ਨਾਲ ਪਿੰਡ ਦਾ ਚਹੁੰ ਪੱਖੀ ਵਿਕਾਸ ਕਰਵਾਇਆ ਜਾਵੇਗਾ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਵਰੁਣ ਬੰਗੜ ਬਣੇ ਪਿੰਡ ਚੱਕ ਹਕੀਮ ਦੇ ਸਰਪੰਚ

## ਰੋਡ ਸ਼ੋਅ ਕਰਕੇ ਕੀਤਾ ਵੋਟਰਾਂ ਤੇ ਸਪੋਰਟਰਾਂ ਦਾ ਧੰਨਵਾਦ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਵਿਧਾਨਸਭਾ ਹਲਕਾ ਫਗਵਾੜਾ ਦੇ ਪਿੰਡ ਚੱਕ ਹਕੀਮ ਵਿਖੇ ਨੌਜਵਾਨ ਆਪ ਆਗੂ ਅਤੇ ਪਾਰਟੀ ਦੇ ਬਲਾਕ ਪ੍ਰਧਾਨ ਵਰੁਣ ਬੰਗੜ ਨੇ ਸਰਪੰਚੀ ਦੀ ਚੋਣ ਵਿਚ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਹੈ। ਉਹਨਾਂ ਨੇ ਆਪਣੇ ਨਜਦੀਕੀ ਉੱਮੀਦਵਾਰ ਹਰਮੇਲ ਚੰਦ ਨੂੰ 166 ਵੋਟਾਂ ਨਾਲ ਹਰਾਇਆ। ਵਰੁਣ ਬੰਗੜ ਨੂੰ 468 ਜਦਕਿ ਹਰਮਮੇਲ ਚੰਦ ਨੂੰ 302 ਵੋਟਾਂ ਹਾਸਲ ਹੋਈਆਂ ਹਨ। ਜਿੱਤ ਉਪਰੰਤ ਸਮਰਥਕਾਂ ਵਲੋਂ ਵਰੁਣ ਬੰਗੜ ਨੂੰ ਨੋਟਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਜਿਸ ਉਪਰੰਤ ਨਵ ਨਿਯੁਕਤ ਸਰਪੰਚ ਵਰੁਣ ਬੰਗੜ ਚੱਕ ਹਕੀਮ ਨੇ ਓਪਨ ਗੱਡੀ ਵਿਚ ਰੋਡ ਸ਼ੋਅ ਕਰਕੇ ਵੋਟਰਾਂ ਦਾ ਧੰਨਵਾਦ ਕੀਤਾ। ਉਹਨਾਂ ਭਰੋਸਾ ਦਿੱਤਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਅਤੇ ਹਲਕਾ ਐਮ.ਪੀ. ਡਾ. ਰਾਜਕੁਮਾਰ ਚੱਬੇਵਾਲ ਦੇ ਸਹਿਯੋਗ ਸਦਕਾ ਪਿੰਡ ਦਾ ਸਮੁੱਚਾ ਵਿਕਾਸ ਕਰਵਾਉਣਗੇ ਅਤੇ ਪਿੰਡ ਨੂੰ ਮਾਡਲ ਗ੍ਰਾਮ ਵਜੋਂ ਸ਼ਹਿਰਾਂ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਉਹਨਾਂ ਦੀ ਪ੍ਰਾਥਮਿਕਤਾ ਰਹੇਗੀ। ਸਰਪੰਚ ਵਰੁਣ ਬੰਗੜ ਨੇ ਕਿਹਾ ਕਿ ਉਹ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਅਧੂਰੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਅਧਾਰ ਤੇ ਪੂਰਾ ਕਰਵਾਉਣਗੇ ਅਤੇ ਚੋਣਾਂ ਸਮੇਂ ਜੋ ਵਾਅਦੇ ਕੀਤੇ ਸੀ, ਉਹਨਾਂ ਸਾਰੇ ਵਾਅਦਿਆਂ ਨੂੰ ਪੂਰਾ ਕੀਤਾ ਜਾਵੇਗਾ। ਪਿੰਡ ਵਾਸੀਆਂ ਦੀ ਸੇਵਾ ਵਿਚ ਹਰ ਸਮੇਂ ਹਾਜਰ ਰਹਿਣ ਦੀ ਗੱਲ ਵੀ ਉਹਨਾਂ ਵਲੋਂ ਕਹੀ ਗਈ ਹੈ। ਸਮੂਹ ਪਿੰਡ ਵਾਸੀਆਂ ਨੇ ਵੀ ਵਰੁਣ ਬੰਗੜ ਸਮੇਤ ਸਮੂਹ ਪੰਚਾਇਤ ਮੈਂਬਰਾਂ ਨੂੰ ਆਪਣੀਆਂ ਸ਼ੁੱਭ ਇੱਛਾਵਾਂ ਦੇ ਨਾਲ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਵੱਡੀ ਗਿਣਤੀ ਵਿਚ ਵਰੁਣ ਬੰਗੜ ਸਰਪੰਚ ਦੇ ਵੋਟਰ ਤੇ ਸਪੋਰਟਰ ਹਾਜਰ ਸਨ



# ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਨੇ ਦਵਾਈ ਦੀ ਜ਼ਰੂਰਤਮੰਦ ਔਰਤ ਦੀ ਕੀਤੀ ਮਦੱਦ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਪੱਤਰਕਾਰੀ ਦੇ ਖੇਤਰ ਦੇ ਨਾਲ ਨਾਲ ਸਮਾਜ ਸੇਵਾ ਚ ਅਪਣੀਆ ਪੈੜਾਂ ਅੱਗੇ ਵਧਾਉਦੇ ਹੋਏ ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਵਲੋਂ ਪ੍ਰਧਾਨ ਡਾ ਰਮਨ ਸ਼ਰਮਾ ਦੀ ਦੂਰ ਅੰਦੇਸ਼ੀ ਅਤੇ ਪ੍ਰੇਰਣਾ ਸਦਕਾ ਐਨ ਆਰ ਆਈ ਸੁਦੇਸ਼ ਕੁਮਾਰ ਲੇਖੀ ਨੇ ਇੱਕ ਔਰਤ ਦੇ ਚੱਲ ਰਹੇ ਇਲਾਜ ਚ ਔਰਤ ਵਲੋਂ ਮਹਿੰਗਾ ਇਲਾਜ ਹੋਣ ਅਤੇ ਦਵਾਈਆਂ ਦਾ ਖਰਚਾ ਨਾ ਝੱਲੇ ਜਾਣ ਕਾਰਣ ਉਸ ਨੂੰ ਦਵਾਈ ਦੀ ਲੋੜ ਪੈਣ ਤੇ ਆਰਥਿਕ ਮਦਦ ਦਿੱਤੀ ਇਹ ਮਦੱਦ ਉਨ੍ਹਾਂ ਦੇ ਭਰਾ ਮੁਕੇਸ਼ ਕੁਮਾਰ ਰੇਖੀ ਵਲੋਂ ਸੰਗਠਨ ਨੂੰ ਭੇਟ ਕੀਤੀ ਗਈ ਇਸ ਮੌਕੇ ਪ੍ਰਧਾਨ ਡਾ ਰਮਨ ਨੇ ਆਖਿਆ ਕਿ ਸੰਗਠਨ ਜਿੱਥੇ ਪੱਤਰਕਾਰਾਂ ਦੇ ਹੱਕੀ ਮੰਗਾਂ ਲਈ ਯਤਨਸ਼ੀਲ ਹੈ ਉੱਥੇ ਹੀ ਸਮਾਜ ਸੇਵੀ ਕੰਮਾਂ ਚ ਅਪਣਾ ਬਣਦਾ ਯੋਗਦਾਨ ਪਾਉਣ ਲਈ ਹਮੇਸ਼ਾ ਤਤਪਰ ਹੋ ਕੰਮ ਕਰੇਗਾ ਇਸ ਮੌਕੇ ਜੀਵਨ ਸੰਘਾ , ਕਮਲਦੀਪ ਸਿੰਘ , ਜਸਵਿੰਦਰ ਭਗਤਪੁਰਾ ਨਰਿੰਦਰ ਪਾਲ ਸਿੰਘ ਮਾਹੀ , ਪ੍ਰਵੀਨ ਕਨੌਜੀਆ

# ਝੋਨੇ ਦੀ ਖਰੀਦ ਨੇ ਫੜੀ ਰਫ਼ਤਾਰ- 1.16 ਲੱਖ ਮੀਟਰਕ ਟਨ ਝੋਨੇ ਦੀ ਖਰੀਦ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਜ਼ਿਲ੍ਹੇ ਦੀਆਂ ਮੰਡੀਆਂ 'ਚ ਝੋਨੇ ਦੀ ਖਰੀਦ ਨੇ ਰਫ਼ਤਾਰ ਫੜ ਲਈ ਹੈ ਅਤੇ ਬੀਤੇ ਕੱਲ ਤੱਕ ਸਰਕਾਰੀ ਖਰੀਦ ਏਜੰਸੀਆਂ ਵਲੋਂ ਖਰੀਦੇ ਗਏ ਝੋਨੇ ਦੇ ਬਦਲੇ ਕਿਸਾਨਾਂ ਦੇ ਖਾਤਿਆਂ 'ਚ 197.74 ਕਰੋੜ ਰਪੁਏ ਦੀ ਬਣਦੀ ਅਦਾਇਗੀ ਕੀਤੀ ਜਾ ਚੁੱਕੀ ਹੈ।



ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਚਾਲੂ ਸੀਜ਼ਨ 2024-25 ਦੌਰਾਨ ਜ਼ਿਲ੍ਹੇ ਭਰ ਵਿਚ 7 ਲੱਖ 60 ਹਜ਼ਾਰ ਮੀਟਰਕ ਟਨ ਤੋਂ ਵੱਧ ਝੋਨੇ ਦੀ ਆਮਦ ਦਾ ਟੀਚਾ ਮਿੱਥਿਆ ਗਿਆ ਹੈ ਅਤੇ ਜਿਸ ਤਹਿਤ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ 'ਚ 1 ਲੱਖ 18 ਹਜ਼ਾਰ ਮੀਟਰਕ ਟਨ ਤੋਂ ਵੱਧ ਝੋਨੇ ਦੀ ਆਮਦ ਦਰਜ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਖਰੀਦ ਏਜੰਸੀਆਂ ਵਲੋਂ 1 ਲੱਖ 16 ਹਜ਼ਾਰ ਮੀਟਰਕ ਟਨ ਦੇ ਕਰੀਬ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ, ਜੋ ਆਮਦ ਹੋਏ ਝੋਨੇ ਦੀ ਖਰੀਦ ਦਾ 97 ਫੀਸਦੀ ਬਣਦਾ ਹੈ।

ਉਨ੍ਹਾਂ ਦੱਸਿਆ ਕਿ ਖਰੀਦੀ ਗਈ ਜਿਣਸ ਦੇ ਬਦਲੇ 197.74 ਕਰੋੜ ਰੁਪਏ ਦੀ ਅਦਾਇਗੀ ਕਿਸਾਨਾਂ ਦੇ ਖਾਤਿਆਂ ਵਿਚ ਮਿੱਥੇ ਸਮੇਂ ਦੌਰਾਨ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ ਖਰੀਦੇ ਗਏ ਕੁੱਲ 115100.40 ਮੀਟਰਕ ਟਨ ਝੋਨੇ ਵਿਚ ਪਨਗਰੇਨ ਵਲੋਂ 39350.42 ਮੀਟਰਕ ਟਨ, ਮਾਰਕਫੈੱਡ ਵਲੋਂ 37867.48 ਮੀਟਰਕ ਟਨ, ਪਨਸਪ ਵਲੋਂ 27666.50 ਮੀਟਰਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵਲੋਂ 9346 ਮੀਟਰਕ ਟਨ ਖਰੀਦ ਕੀਤੀ ਗਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੰਡੀਆਂ ਵਿਚ ਪੀਣ ਵਾਲਾ ਪਾਣੀ, ਸ਼ੈੱਡ ਅਤੇ ਤਰਪਾਲਾਂ ਤੋਂ ਇਲਾਵਾ ਹੋਰ ਲੋੜੀਂਦੀਆਂ ਸਹੂਲਤਾਂ ਉਪਲਬਧ ਹਨ ਤਾਂ ਜੋ ਕਿਸਾਨਾਂ ਨੂੰ ਮੰਡੀ ਵਿਚ ਲਿਆਂਦੀ ਫਸਲ ਨੂੰ ਵੇਚਨ ਸਮੇਂ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਕਿਸਾਨਾਂ ਦੀ ਖਰੀਦੀ ਗਈ ਫਸਲ ਦੀ ਅਦਾਇਗੀ ਸਮੇਂ ਸਿਰ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ।

ਉਨ੍ਹਾਂ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਮੰਡੀਆਂ ਵਿਚ ਸੁੱਕਾ ਝੋਨਾ ਹੀ ਲਿਆਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਉਨ੍ਹਾਂ ਦੀ ਜਿਣਸ ਦੀ ਸਮੇਂ ਸਿਰ ਖਰੀਦ ਮੁਕੰਮਲ ਕੀਤੀ ਜਾ ਸਕੇ।

ਉਨ੍ਹਾਂ ਕਿਹਾ ਕਿ ਰਾਤ ਦੇ ਸਮੇਂ ਝੋਨੇ ਦੀ ਕਟਾਈ ਨਾ ਕੀਤੀ ਜਾਵੇ ਅਤੇ ਝੋਨੇ ਦੀ ਨਾੜ ਨੂੰ ਅੱਗ ਲਾਉਣ ਤੋਂ ਖੁਰੇਜ ਕੀਤਾ ਜਾਵੇ ਤਾਂ ਜੋ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਤੋਂ ਪੈਦਾ ਹੁੰਦੀਆਂ ਬਿਮਾਰੀਆਂ ਅਤੇ ਵਾਤਾਵਰਨ 'ਤੇ ਪੈਂਦੇ ਮਾੜੇ ਪ੍ਰਭਾਵਾਂ ਤੋਂ ਬਚਿਆ ਜਾ ਸਕੇ


# ਜਿਲ੍ਹਾ ਸਕੱਤਰ ਅਸ਼ੋਕ ਭਾਟੀਆ ਦੀ ਅਗਵਾਈ ਹੇਠ ਲੋਕਲ ਬਾਡੀ ਮੰਤਰੀ ਡਾ. ਰਵਜੋਤ ਸਿੰਘ ਨੂੰ ਮਿਲੇ ਆਪ ਆਗੂ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਆਮ ਆਦਮੀ ਪਾਰਟੀ ਦੇ ਆਗੂਆਂ ਨੇ ਜਿਲ੍ਹਾ ਕਪੂਰਥਲਾ ਦੇ ਸਕੱਤਰ ਅਸ਼ੋਕ ਭਾਟੀਆ ਦੀ ਅਗਵਾਈ ਹੇਠ ਸਥਾਨਕ ਸਰਕਾਰਾਂ ਵਿਭਾਗ ਦੇ ਕੈਬਿਨੇਟ ਮੰਤਰੀ ਡਾ. ਰਵਜੋਤ ਸਿੰਘ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਹਨਾਂ ਪੰਜਾਬ ਕੈਬਿਨੇਟ ਵਿਚ ਮੰਤਰੀ ਬਣਨ ਤੇ ਗੁਲਦਸਤਾ ਭੇਂਟ ਕਰਦਿਆਂ ਸ਼ੁੱਭ ਇੱਛਾਵਾਂ ਦੇਣ ਉਪਰੰਤ ਲੋਕਲ ਬਾਡੀ ਮੰਤਰੀ ਨੂੰ ਫਗਵਾੜਾ ਦੇ ਅਧੂਰੇ ਪਏ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੱਤੀ ਅਤੇ ਸਫ਼ਾਈ ਕਰਮਚਾਰੀਆ ਨੂੰ ਰੈਗੁਲਰ ਕਰਨ ਸਬੰਧੀ ਤਕਰੀਬਨ 3 ਸਾਲ ਤੋ ਰੁੱਕੀ ਹੋਈ ਇਕ ਲਿਸਟ ਵੀ ਦਿੱਤੀ। ਅਸ਼ੋਕ ਭਾਟੀਆ ਅਤੇ ਉਹਨਾਂ ਦੇ ਨਾਲ ਮੌਜੂਦ ਰਹੇ ਜਿਲ੍ਹਾ ਕੈਸ਼ੀਅਰ ਹਰੀਓਮ ਗੁਪਤਾ, ਕੁਲਵਿੰਦਰ ਸਿੰਘ ਤੇ ਹਰਜੀਤ ਜੋਸ਼ੀ ਨੇ ਅਪੀਲ ਕੀਤੀ ਕਿ ਇਸ ਲਿਸਟ ਨੂੰ ਵਿਭਾਗ ਰਾਹੀਂ ਜਲਦੀ ਤੋਂ ਜਲਦੀ ਅੰਤਮ ਰੂਪ ਦੇਣ ਦਿੱਤਾ ਜਾਵੇ। ਅਸ਼ੋਕ ਭਾਟੀਆ ਨੇ ਦੱਸਿਆ ਕਿ ਡਾ. ਰਵਜੋਤ ਸਿੰਘ ਨਾਲ ਫਗਵਾੜਾ ਕਾਰਪੋਰੇਸ਼ਨ ਦੀਆਂ ਕਾਰਗੁਜਾਰੀਆਂ ਅਤੇ ਕਾਰਪੋਰੇਸ਼ਨ ਚੋਣਾਂ ਸਬੰਧੀ ਚਰਚਾ ਵੀ ਕੀਤੀ ਗਈ। ਉਹਨਾਂ ਭਰੋਸਾ ਜਤਾਇਆ ਕਿ ਹੁਣ ਜਦਕਿ ਪੰਚਾਇਤੀ ਚੋਣਾਂ ਦਾ ਕੰਮ ਨੇਪਰੇ ਚਾੜ੍ਹਿਆ ਜਾ ਚੁੱਕਾ ਹੈ ਤਾਂ ਜਲਦੀ ਹੀ ਕਾਰਪੋਰੇਸ਼ਨ ਚੋਣਾਂ ਦਾ ਐਲਾਨ ਵੀ ਹੋਵੇਗਾ ਅਤੇ ਫਗਵਾੜਾ ਵਿਚ ਆਮ ਆਦਮੀ ਪਾਰਟੀ ਦੀ ਕਾਰਪੋਰੇਸ਼ਨ ਬਣਨ ਤੇ ਵਿਕਾਸ ਦੇ ਕਾਰਜਾਂ ਨੂੰ ਰਫਤਾਰ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਫਗਵਾੜਾ ਦਾ ਵਿਕਾਸ ਕਰਵਾਉਣਾ ਇੱਥੋਂ ਦੇ ਸਮੂਹ ਆਪ ਆਗੂਆਂ ਦੀ ਪ੍ਰਾਥਮਿਕਤਾ ਹੈ ਅਤੇ ਇਸ ਲਈ ਉਹ ਖੁਦ ਵੀ ਯਤਨਸ਼ੀਲ ਹਨ

# ਇਸੂਜ਼ੂ ਮੋਟਰਜ਼ ਨੇ ਇਸੂਜ਼ੂ ਡੀ-ਮੈਕਸ ਐਂਬੂਲੈਂਸ ਲਾਂਚ ਕੀਤੀ

ਚੰਡੀਗੜ੍ਹ, (ਲੋਕ ਬਾਣੀ) ਇਸੂਜ਼ੂ ਮੋਟਰਜ਼ ਨੇ ਇਸੂਜ਼ੂ ਡੀ-ਮੈਕਸ ਐਂਬੂਲੈਂਸ ਨੂੰ ਲਾਂਚ ਕਰਨ ਦੀ ਘੋਸ਼ਣਾ ਕੀਤੀ ਹੈ ਜੋ ਪੂਰੀ ਤਰ੍ਹਾਂ ਨਾਲ ਏਆਈਐਸ - 125 ਟਾਈਪ ਸੀ ਐਂਬੂਲੈਂਸ ਦੇ ਮਾਪਦੰਡਾਂ ਅਨੁਸਾਰ ਬਣਾਈ ਗਈ ਹੈ ਜੋ ਇਸਨੂੰ ਬਹੁਤ ਹੀ ਭਰੋਸੇਮੰਦ, ਸੁਰੱਖਿਅਤ ਅਤੇ ਆਰਾਮਦਾਇਕ ਬਣਾਉਂਦੀ ਹੈ। ਇਹ ਐਂਬੂਲੈਂਸ 25,99,990 ਰੁਪਏ ਐਕਸ-ਸ਼ੋਰੂਮ (ਚੇਨਈ) ਦੀ ਬਹੁਤ ਹੀ ਆਕਰਸ਼ਕ ਸ਼ੁਰੂਆਤੀ ਕੀਮਤ ਤੇ ਉਪਲਬਧ ਹੈ। ਇਸੂਜ਼ੂ ਆਰਜੇਡ4ਈ 1.9 ਐਲ 4 ਸਿਲੰਡਰ ਵੀਜੀਐਸ ਟਰਬੋ ਇੰਟਰਕੂਲਡ ਇੰਜਣ ਇਸ ਚ ਲਗਾਇਆ ਗਿਆ ਹੈ ਜੋ ਹਰ ਟੈਸਟ ਤੇ ਖਰਾ ਉਤਰਦਾ ਹੈ। ਇਸ ਇੰਜਣ ਵਿੱਚ ਇੱਕ ਫਲੈਟ ਪੀਕ ਟਾਰਕ ਕਰਵ ਹੈ ਜੋ 3600 ਆਰਪੀਐਮ ਤੇ 120 ਕਿਲੋਵਾਟ ਦੀ ਕਲਾਸ ਵਿੱਚ ਸਭ ਤੋਂ ਵਧੀਆ ਪਾਵਰ ਅਤੇ 2000-2500 ਤੇ 360 ਐਨਐਮ ਦਾ ਟਾਰਕ ਪ੍ਰਦਾਨ ਕਰਦਾ ਹੈ ਜੋ ਕਿ ਸਭ ਤੋਂ ਵਧੀਆ ਪ੍ਰਦਰਸ਼ਨ ਹੈ। ਗੋਲਡਨ ਆਵਰ ਦੌਰਾਨ ਤੇਜ਼ ਪ੍ਰਤੀਕਿਰਿਆਵਾਂ ਲਈ ਇਹ ਜੋ ਗਤੀ ਅਤੇ ਪ੍ਰਵੇਗ ਪ੍ਰਦਾਨ ਕਰਦਾ ਹੈ ਅਸਲ ਵਿੱਚ ਬਹੁਤ ਮਾਇਨੇ ਰੱਖਦਾ ਹੈ। ਐਕਟਿਵ ਸੇਫਟੀ ਦੇ ਲਿਹਾਜ਼ ਨਾਲ, ਇਸ ਵਾਹਨ ਵਿੱਚ ਐਂਟੀ ਲਾਕ ਬ੍ਰੇਕਿੰਗ ਸਿਸਟਮ, ਇਲੈਕਟ੍ਰਾਨਿਕ ਬ੍ਰੇਕ ਫੋਰਸ ਡਿਸਟ੍ਰੀਬਿਊਸ਼ਨ, ਟ੍ਰੈਕਸ਼ਨ ਕੰਟਰੋਲ ਸਿਸਟਮ, ਇਲੈਕਟ੍ਰਾਨਿਕ ਸਟੇਬਿਲਟੀ ਕੰਟਰੋਲ, ਹਿੱਲ ਡੀਸੈਂਟ ਕੰਟਰੋਲ, ਐਮਰਜੈਂਸੀ ਬ੍ਰੇਕ ਅਸਿਸਟ, ਇੰਟੈਲੀਜੈਂਟ ਬ੍ਰੇਕ ਓਵਰ ਰਾਈਡ ਸਿਸਟਮ ਵਰਗੇ ਕਈ ਫੀਚਰਸ ਹਨ ਜੋ ਇਸ ਸ਼੍ਰੇਣੀ ਵਿੱਚ ਬਿਹਤਰ ਹਨ। . ਲਾਂਚ ਤੇ ਬੋਲਦੇ ਹੋਏ, ਤੋਰੂ ਕਿਸ਼ੀਮੋਟੋ, ਡਿਪਟੀ ਮੈਨੇਜਿੰਗ ਡਾਇਰੈਕਟਰ,ਇਸੂਜ਼ੂ ਮੋਟਰਜ਼ ਇੰਡਿਆ ਨੇ ਕਿਹਾ ਕਿ ਇਸੂਜ਼ੂ ਭਰੋਸੇਯੋਗਤਾ ਅਤੇ ਮਜ਼ਬੂਤੀ ਦਾ ਦੂਜਾ ਨਾਮ ਹੈ। ਨਵੀਂ ਲਾਂਚ ਕੀਤੀ ਐਂਬੂਲੈਂਸ ਇਨ੍ਹਾਂ ਸਾਰੀਆਂ ਵਿਸ਼ੇਸ਼ਤਾਵਾਂ ਨੂੰ ਹੋਰ ਵੀ ਅੱਗੇ ਲੈ ਜਾਂਦੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਐਂਬੂਲੈਂਸ ਆਉਣ ਵਾਲੇ ਸਮੇਂ ਵਿੱਚ ਬੇਸਿਕ ਲਾਈਫ ਸਪੋਰਟ ਐਂਬੂਲੈਂਸ ਸ਼੍ਰੇਣੀ ਵਿੱਚ ਨਵੀਂ ਮਿਸਾਲ ਕਾਇਮ ਕਰੇਗੀ।



# ਭਗਵਾਨ ਵਾਲਮੀਕਿ ਜੀ ਵੱਲੋਂ ਮਾਨਵਤਾ ਦੀ ਭਲਾਈ ਲਈ ਵਿਖਾਏ ਰਸਤੇ ਤੇ ਚੱਲਣਾ ਚਾਹੀਦਾ ਹੈ :- ਕੈਬਨਿਟ ਮੰਤਰੀ ਸੌਂਦ ਅਤੇ ਮੁੰਡੀਆ




ਲੁਧਿਆਣਾ, (ਸੁਖਚੈਨ ਮਹਿਰਾ) ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆ ਨੇ ਭਗਵਾਨ ਵਾਲਮੀਕਿ ਜੀ ਨੂੰ ਆਪਣਾ ਸਤਿਕਾਰ ਭੇਟ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਸਾਨੂੰ ਉਹਨਾਂ ਵੱਲੋਂ ਨੈਤਿਕ ਕਦਰਾਂ ਕੀਮਤਾਂ ਅਤੇ ਮਾਨਵਤਾ ਦੀ ਭਲਾਈ ਲਈ ਵਿਖਾਏ ਰਸਤੇ ਤੇ ਚੱਲਣਾ ਚਾਹੀਦਾ ਹੈ ਤਾਂ ਜ਼ੋ ਇਕ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ, ਜਿਸ ਵਿਚ ਹਰ ਇਕ ਵਿਅਕਤੀ ਨੂੰ ਤਰੱਕੀ ਕਰਨ ਦੇ ਬਰਾਬਰ ਦੇ ਮੌਕੇ ਮਿਲ ਸਕਣ।

ਦੋਵੇਂ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਸ੍ਰੀ ਹਰਦੀਪ ਸਿੰਘ ਮੁੰਡੀਆ ਨੇ ਬੁੱਧਵਾਰ ਨੂੰ ਸਥਾਨਕ ਦਰੇਸੀ ਗਰਾਊਂਡ ਵਿਖੇ ਵਾਲਮੀਕਿ ਸਮਾਜ ਵੱਲੋਂ ਮਹਾਂਰਿਸ਼ੀ ਵਾਲਮੀਕਿ ਜੈਅੰਤੀ ਮੌਕੇ ਕੱਢੀ ਗਈ 35ਵੀ ਸ਼ੋਭਾ ਯਾਤਰਾ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਸਨ। ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਚੌਧਰੀ ਮਦਨ ਲਾਲ ਬੱਗਾ, ਵਿਧਾਇਕ ਸ੍ਰੀ ਦਲਜੀਤ ਸਿੰਘ ਗਰੇਵਾਲ, ਵਿਧਾਇਕ ਸ੍ਰੀ ਅਸ਼ੋਕ ਪਰਾਸ਼ਰ ਪੱਪੀ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਅਮਰਜੀਤ ਬੈਂਸ ਅਤੇ ਵਾਲਮੀਕ ਸਮਾਜ ਨਾਲ ਸਬੰਧਤ ਆਗੂ ਵੀ ਮੌਜੂਦ ਸਨ।

ਕੈਬਨਿਟ ਮੰਤਰੀਆਂ ਨੇ ਪੰਜਾਬ ਵਾਸੀਆਂ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਇੱਕ ਮਹਾਨ ਵਿਦਵਾਨ ਸਨ, ਜਿਨ੍ਹਾਂ ਨੇ ਪਵਿੱਤਰ ਧਾਰਮਿਕ ਗ੍ਰੰਥ ਰਮਾਇਣ ਦੀ ਰਚਨਾ ਕੀਤੀ, ਜੋ ਮੁੱਢ ਕਦੀਮ ਤੋਂ ਹੀ ਮਾਨਵ ਜਾਤੀ ਨੂੰ ਚੰਗੇਰੇ ਜੀਵਨ ਅਤੇ ਸਮਾਜਿਕ ਕਦਰਾਂ ਕੀਮਤਾਂ ਨੂੰ ਉੱਚਾ ਅਤੇ ਸੁੱਚਾ ਰੱਖਣ ਦੀ ਪ੍ਰੇਰਨਾਂ ਦਿੰਦੀ ਆ ਰਹੀ ਹੈ। ਉਹਨਾਂ ਕਿਹਾ ਕਿ ਇਹ ਪਵਿੱਤਰ ਧਾਰਮਿਕ ਗ੍ਰੰਥ ਜਿਥੇ ਸਾਨੂੰ ਵੱਡਿਆਂ ਦੀ ਪਾਲਣਾਂ ਅਤੇ ਜੁਲਮ ਦਾ ਟਾਕਰਾ ਕਰਨ ਦਾ ਸੰਦੇਸ਼ ਦਿੰਦਾ ਹੈ, ਉਥੇ ਸਮਾਜਿਕ ਕੁਰੀਤੀਆਂ ਵਿਰੁੱਧ ਸੰਘਰਸ਼ ਕਰਨ ਦੀ ਵੀ ਪ੍ਰੇਰਨਾ ਦਿੰਦਾ ਹੈ। ਉਹਨਾ ਕਿਹਾ ਕਿ ਭਗਵਾਨ ਵਾਲਮੀਕਿ ਜੀ ਨੇ ਇਸ ਧਰਤੀ ਤੇ ਸਭ ਤੋਂ ਪਹਿਲਾਂ ਅਹਿੰਸਾ ਦਾ ਪਾਠ ਪੜ੍ਹਾਇਆ ਅਤੇ ਮਨੁੱਖੀ ਭਾਈਚਾਰੇ ਅਤੇ ਆਪਸੀ ਸਦਭਾਵਨਾ ਕਾਇਮ ਰੱਖਣ ਲਈ ਸਮੁੱਚੀ ਮਾਨਵਤਾ ਨੂੰ ਸ਼ਾਂਤੀ ਦਾ ਸੰਦੇਸ਼ ਦਿੱਤਾ। ਉਹਨਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਭਾਰਤੀ ਸੰਸਕ੍ਰਿਤੀ ਦੇ ਪਿਤਾਮਾ ਵਜੋ ਜਾਣੇ ਜਾਂਦੇ ਹਨ ਅਤੇ ਉਹ ਕਮਜ਼ੋਰ ਵਰਗਾਂ ਅਤੇ ਅਨੁਸੂਚਿਤ ਜਾਤੀਆਂ ਦੇ ਹੀ ਭਗਵਾਨ ਨਹੀ ਸਨ, ਸਗੋ ਸਾਰੇ ਵਰਗਾਂ ਵਲੋ ਉਹਨਾਂ ਦਾ ਸਤਿਕਾਰ ਕੀਤਾ ਜਾਂਦਾ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਪ੍ਰਧਾਨ ਧਾਮੀ ਜਥੇਦਾਰ ਦਾ ਅਸਤੀਫਾ ਪ੍ਰਵਾਨ ਨਾ ਕਰਨ -ਬੀਬੀ ਜਗੀਰ ਕੌਰ



ਸ੍ਰੀ ਅਨੰਦਪੁਰ ਸਾਹਿਬ, (ਲੋਕ ਬਾਣੀ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਹੈ ਕਿ ਉਹ ਤਕਰ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਅਸਤੀਫਾ ਪ੍ਰਵਾਨ ਨਾ ਕਰਨ ।ਇਹ ਗੱਲ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਤੇ ਸਾਬਕਾ ਕੈਬਨਟ ਮੰਤਰੀ ਬੀਬੀ ਜਗੀਰ ਕੌਰ ਨੇ ਕਹੀ ਉਹਨਾਂ ਕਿਹਾ ਕਿ ਕੌਮ ਦੇ ਜਥੇਦਾਰ ਸਾਡੀ ਕੌਮ ਦਾ ਮਾਣ ਹਨ ਇਹਨਾਂ ਦਾ ਸਤਿਕਾਰ ਘਟਾਉਣ ਵਾਲੇ ਆ ਨੂੰ ਕੌਮ ਕਦੇ ਵੀ ਮੂੰਹ ਨਹੀਂ ਲਾਵੇਗੀ ਜਥੇਦਾਰ ਸਾਹਿਬਾਨ ਨੂੰ ਅਸਤੀਫਾ ਨਹੀਂ ਦੇਣਾ ਚਾਹੀਦਾ ਵੀ ਲੈਣੇ ਕਿਉਂਕਿ ਉਹ ਕੇਵਲ ਤੇ ਕੇਵਲ ਸ੍ਰੀ ਅਕਾਲ ਪੁਰਖ ਦੇ ਭੈ ਵਿੱਚ ਰਹਿ ਕੇ ਫੈਸਲੇ ਕਰਨ ਲਈ ਆਜ਼ਾਦ ਹਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਅੱਜ ਜਥੇਦਾਰ ਸਾਹਿਬਾਨ ਨੇ ਗੁਰੂ ਦੇ ਭੈ ਵਿੱਚ ਰਹਿ ਕੇ ਫੈਸਲੇ ਕੀਤੇ ਹਨ ਜੇਕਰ ਕਿਸੇ ਨੂੰ ਇਹ ਨਹੀਂ ਮਨਜ਼ੂਰ ਤਾਂ ਉਹ ਧਮਕੀਆਂ ਦੇਣ ਤੇ ਉਤਰ ਆਏ ਇਹ ਗੱਲ ਬਿਲਕੁਲ ਗਲਤ ਹੈ ਪੂਰੀ ਕੌਮ ਜਥੇਦਾਰਾਂ ਦੇ ਨਾਲ ਹੈ ਤੇ ਜਥੇਦਾਰਾਂ ਨੂੰ ਡੱਟ ਕੇ ਆਪਣੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਗੁਰੂ ਦੀ ਭੈ ਭਾਵਨਾ ਵਿੱਚ ਰਹਿ ਕੇ ਫੈਸਲੇ ਕਰਦੇ ਰਹਿਣਾ ਚਾਹੀਦਾ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਸਾਨੂੰ ਪਤਾ ਲੱਗਾ ਹੈ ਕਿ ਬਾਕੀ ਦੇ ਜਥੇਦਾਰ ਸਾਹਿਬਾਨ ਵੀ ਅਸਤੀਫੇ ਦੇਣ ਦੇ ਰੋਅ ਵਿੱਚ ਹਨ ਉਹਨਾਂ ਨੂੰ ਇਸ ਤਰ੍ਹਾਂ ਦਾ ਕੋਈ ਕਦਮ ਨਹੀਂ ਉਠਾਉਣਾ ਚਾਹੀਦਾ ਇਸ ਨਾਲ ਕੌਮ ਦੀ ਹਾਲਤ ਹਾਸੋਹੀਣੀ ਹੋ ਸਕਦੀ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਆਗੂਆਂ ਨੇ ਅਜਿਹੇ ਹਾਲਾਤ ਬਣਾ ਦਿੱਤੇ ਗਏ ਹਨ। ਕਿ ਕੌਮ ਦੇ ਜਥੇਦਾਰ ਉੱਥੇ ਬੈਠਣ ਲਈ ਤਿਆਰ ਨਹੀਂ ਕਿਉਂਕਿ ਉਹਨਾਂ ਤੇ ਦਬਾਅ ਬਣਾਉਣ ਦੀ ਗਲਤ ਕੋਸ਼ਿਸ਼ ਕੀਤੀ ਜਾਂਦੀ ਹੈ ਜੇਕਰ ਉਹ ਦਬਾਅ ਮੰਨਣ ਤੋਂ ਬਗੈਰ ਸਹੀ ਫੈਸਲੇ ਲੈਂਦੇ ਹਨ ਤਾਂ ਉਹਨਾਂ ਦੇ ਬੱਚਿਆਂ ਤੱਕ ਨੂੰ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ ਜੋ ਬਹੁਤ ਹੀ ਗਲਤ ਰੁਝਾਨ ਹੈ ਉਹਨਾਂ ਕਿਹਾ ਪੂਰੀ ਕੌਮ ਜਥੇਦਾਰਾਂ ਦੇ ਨਾਲ ਹੈ ਤੇ ਜਥੇਦਾਰਾਂ ਨੂੰ ਡੱਟ ਕੇ ਖੜੇ ਹੋਣਾ ਚਾਹੀਦਾ ਹੈ

ਰੋਜ਼ਾਨਾ ਲੋਕ ਬਾਣੀ www.lokbani

# ਕਰਵਾਚੌਥ ਤੇ ਫੈਬਇੰਡਿਆ ਔਰਤਾਂ ਲਈ ਲਾਇਆ ਖੁਸ਼ਿਆਂ ਦੀ ਸ਼ੌਗਾਤ, ਪੇਸ਼ ਕੀਤੀ ਅਪਣੀ ਰੇਂਜ



ਚੰਡੀਗੜ੍ਹ/ਅਮ੍ਰਿਤਸਰ, (ਲੋਕ ਬਾਣੀ) ਉਤਸਵਾਂ ਦੀ ਲੜੀ ਵਿਚ ਆਉਣ ਵਾਲੇ ਕਰਵਾਚੌਥ ਦੇ ਪਾਵਨ ਪਰਵ ਤੇ ਫੈਬਇੰਡਿਆ ਅਪਣੀ ਵੱਡੀ ਰੇਂਜ ਦੇ ਨਾਲ ਔਰਤਾਂ ਦੇ ਲਈ ਖੁਸ਼ਿਆਂ ਅਤੇ ਫੈਸ਼ਨ ਦੀ ਸੌਗਾਤ ਲਿਆਇਆ ਹੈ। ਇਹ ਸਪੈਸ਼ਲ ਕੂਲੇਕਸ਼ਨ ਇਨ੍ਹਾਂ ਖੁਸ਼ਿਆਂ ਦੇ ਲੰਮਹੇ ਨੂੰ ਦੁਗਣਾ ਬਣਾ ਦੇਣਗੇਂ। ਵਾਇਨ ਕਾਟਨ ਸਿਲਕ ਵੂਵੇਨ ਸਾੜੀ ਇਕ ਰਾਜਸੀ ਵਿਲਕਪ ਹੈ ਜੋ ਕਰਵਾਚੌਥ ਦੇ ਮੌਕੇ ਤੇ ਉਨ੍ਹਾਂ ਦੀ ਪਸੰਦ ਹੈ ਜੋ ਉਤਸਵਾਂ ਤੇ ਅਪਣੇ ਗਹਿਣ ਪ੍ਰੇਮ ਅਤੇ ਭਾਵਨਾਵਾਂ ਨੂੰ ਪ੍ਰਗਟ ਕਰਣਾ ਚਾਹੁੰਦੀ ਹੈ। ਇਸਨੂੰ ਪੇਸਟਲ ਪਿੰਕ ਜਾਂ ਬਲਸ਼ ਬਲਾਉਜ ਦੇ ਨਾਲ ਪਾਇਆ ਜਾ ਸਕਦਾ ਹੈ ਜੋ ਕਿ ਇਕ ਵਧਿਆ ਛਵੀ ਪ੍ਰਦਾਨ ਕਰੇਗਾ। ਇਸ ਸਾੜੀ ਦੀ ਕੀਮਤ 8999 ਰੁਪਏ ਹੈ। ਰੇਡ ਮਾਡਲ ਟਾਈ ਐਂਡ ਡਾਈ ਸਾੜੀ, ਪਾਰਮਪਰਿਕ ਐਲੀਗੇਂਸ ਤੇ ਮਾਡਰਨ ਛੱਟਾ ਬਿਖੇਰੇਗੀ। ਸਾਫਟ ਮੋਡਲ ਫੈਬਰਿਕ ਤੋਂ ਕ੍ਰਾਫਟ ਕੀਤੀ ਗਈ ਇਸ ਸਾੜੀ ਦੀ ਕੀਮਤ 7999 ਰੁਪਏ ਹੈ ਜੋ ਕਿ ਕਰਵਾਚੌਥ ਵਿਚ ਆਰਾਮ ਅਤੇ ਸਟਾਇਲ ਪ੍ਰਦਾਨ ਕਰੇਗਾ। ਬ੍ਰਾਉਨ ਜੁਤਿਆਂ ਨੂੰ ਪ੍ਰੀਮਿਅਮ ਕੁਵਾਲਿਟੀ ਤੋਂ ਕ੍ਰਾਫਟ ਕੀਤਾ ਗਿਆ ਹੈ ਜਿਸ ਵਿਚ ਫੈਬਇੰਡਿਆ ਦੇ ਮੇਹਨਤੀ ਕਾਰੀਗਰਾਂ ਦੀ ਕੁਸ਼ਲਤਾ ਸਾਫ ਝਲਕਦੀ ਹੈ। 2399 ਰੁਪਏ ਦੀ ਕੀਮਤ ਵਾਲੀ ਇਨ੍ਹਾਂ ਜੁਤਿਆਂ ਵਿਚ ਐਲੀਗੇਂਸ ਸਾਫ ਦਿੱਖਦਾ ਹੈ। ਸਿਲਕ ਤੋਂ ਕ੍ਰਾਫਟ ਕੀਤੀ ਗਈ ਪੋਟਲੀ ਅਪਣੇ ਆਪ ਵਿਚ ਸ਼ੋਭਾ ਵਧਾਉਂਦੀ ਹੈ। ਕਰਵਾਚੌਥ ਵਰਗੇ ਵਿਸ਼ੇਸ਼ ਮੌਕੇ ਤੇ 2499 ਰੁਪਏ ਦੀ ਕੀਮਤ ਵਾਲੀ ਇਹ ਪੋਟਲੀ, ਐਥੀਨਿਕ ਅਤੇ ਕੋਂਟੇਂਪਰੇਰੀ ਕਪੜਿਆਂ ਪਹਿਨਣ ਵਾਲੀ ਔਰਤ ਦੀ ਖੁਬਸੁਰਤੀ ਵਿਚ ਚਾਰ ਚੰਦ ਲਾ ਦੇਵੇਗੀ। 1999 ਰੁਪਏ ਦੀ ਕੀਮਤ ਵਾਲਾ ਮੇਟਲ ਸ਼ਾਰਟ ਨੈਕਲੇਸ ਪਾ ਕੇ ਔਰਤਾਂ ਵਿਚ ਇਕ ਵੱਖਰਾ ਆਤਮਵਿਸ਼ਵਾਸ ਝਲਕਦਾ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਵਰਲਡ ਟੈਲੀਵਿਜ਼ਨ ਪ੍ਰੀਮਿਅਰ ਇਸ ਵਾਰ ਹੋਵੇਗਾ ਕਿਉਂਕਿ ਆ ਰਹੀ ਹੈ ਪੰਜਾਬੀ ਹਿੱਟ ਫਿਲਮ ਨਿਗ੍ਹਾ ਮਾਰਦਾ ਆਈ ਵੇ 27 ਅਕਤੂਬਰ ਨੂੰ ਦੁਪਹਿਰ ਇੱਕ ਵਜੇ ਜ਼ੀ ਪੰਜਾਬੀ ਤੇ !!




(ਲੋਕ ਬਾਣੀ) ਜ਼ੀ ਪੰਜਾਬੀ 27 ਅਕਤੂਬਰ ਨੂੰ ਦੁਪਹਿਰ 1 ਵਜੇ ਬਲਾਕਬਸਟਰ ਪੰਜਾਬੀ ਫਿਲਮ ਨਿਗ੍ਹਾ ਮਾਰਦਾ ਆਈ ਵੇ ਦੇ ਵਰਲਡ ਟੈਲੀਵਿਜ਼ਨ ਪ੍ਰੀਮੀਅਰ ਨਾਲ ਦਰਸ਼ਕਾਂ ਨੂੰ ਮੋਹਿਤ ਕਰਨ ਲਈ ਤਿਆਰ ਹੈ। ਇਹ ਰੋਮਾਂਟਿਕ ਡਰਾਮਾ, ਗੁਰਨਾਮ ਭੁੱਲਰ ਅਤੇ ਸਰਗੁਣ ਮਹਿਤਾ ਅਭਿਨੀਤ, ਭਾਵਨਾਵਾਂ ਦੇ ਰੋਲਰਕੋਸਟਰ ਦਾ ਵਾਅਦਾ ਕਰਦਾ ਹੈ, ਪਿਆਰ,ਤਕਰਾਰ ਤੇ ਇਜ਼ਹਾਰ ਨੂੰ ਦਿਖਾਉਂਦਾ ਹੈ।

ਫਿਲਮ ਹਰਮਨ ਤੇ ਸਕਾਰਲੈਟ ਦੀ ਪ੍ਰੇਮ ਕਹਾਣੀ ਨੂੰ ਦਰਸਾਏਗੀ, ਗੁਰਨਾਮ ਭੁੱਲਰ ਅਤੇ ਸਰਗੁਣ ਮਹਿਤਾ ਦੀ ਕੈਮਿਸਟਰੀ ਪਹਿਲਾਂ ਹੀ ਰੰਗਮੰਚ ਦੇ ਦਰਸ਼ਕਾਂ ਤੇ ਅਮਿੱਟ ਛਾਪ ਛੱਡ ਚੁੱਕੀ ਹੈ। ਹੁਣ, ਆਪਣੇ ਛੋਟੇ ਪਰਦੇ ਦੀ ਸ਼ੁਰੂਆਤ ਦੇ ਨਾਲ, ਇਹ ਫਿਲਮ ਪੰਜਾਬ ਅਤੇ ਇਸ ਤੋਂ ਬਾਹਰ ਦੇ ਟੀਵੀ ਦਰਸ਼ਕਾਂ ਨੂੰ ਮਨਮੋਹਕ ਕਰਨ ਦੀ ਉਮੀਦ ਹੈ। ਜ਼ੀ ਪੰਜਾਬੀ ਤੇ ਵਰਲਡ ਟੈਲੀਵਿਜ਼ਨ ਪ੍ਰੀਮੀਅਰ ਪਰਿਵਾਰਾਂ ਲਈ ਆਪਣੇ ਘਰਾਂ ਦੇ ਆਰਾਮ ਨਾਲ ਇਸ ਭਾਵਨਾਤਮਕ ਪ੍ਰੇਮ ਕਹਾਣੀ ਦਾ ਆਨੰਦ ਲੈਣ ਦਾ ਇੱਕ ਵਧੀਆ ਮੌਕਾ ਪੇਸ਼ ਕਰਦਾ ਹੈ।

ਰੋਮਾਂਸ ਅਤੇ ਕਿਸਮਤ ਦੀ ਇਸ ਦਿਲ ਨੂੰ ਛੂਹਣ ਵਾਲੀ ਕਹਾਣੀ ਨੂੰ ਯਾਦ ਨਾ ਕਰੋ। 27 ਅਕਤੂਬਰ ਨੂੰ ਦੁਪਹਿਰ 1 ਵਜੇ ਜ਼ੀ ਪੰਜਾਬੀ ਤੇ ਟਿਊਨ ਇਨ ਕਰੋ ਅਤੇ ਨਿਗ੍ਹਾ ਮਾਰਦਾ ਆਈ ਵੇ ਦੇ ਜਾਦੂ ਦਾ ਅਨੁਭਵ ਕਰੋ।

ਰੋਜ਼ਾਨਾ ਲੋਕ ਬਾਣੀ www.lokbani

# ਜ਼ਿਮਨੀ ਚੋਣ: ਬਰਨਾਲਾ ਜ਼ਿਲ੍ਹੇ ਵਿੱਚ ਆਦਰਸ਼ ਚੋਣ ਜ਼ਾਬਤਾ ਲਾਗੂ: ਜ਼ਿਲ੍ਹਾ ਚੋਣ ਅ.ਫਸਰ



ਬਰਨਾਲਾ,(ਲੋਕ ਬਾਣੀ)

ਭਾਰਤੀ ਚੋਣ ਕਮਿਸ਼ਨ ਵਲੋਂ 103 ਬਰਨਾਲਾ ਵਿਧਾਨ ਸਭਾ ਸੀਟ ਲਈ ਜ਼ਿਮਨੀ ਚੋਣ ਦਾ ਐਲਾਨ ਬੀਤੇ ਕੱਲ੍ਹ ਕਰ ਦਿੱਤਾ ਗਿਆ ਹੈ, ਜਿਸ ਨਾਲ ਜ਼ਿਲ੍ਹਾ ਬਰਨਾਲਾ ਵਿੱਚ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ।

ਇਸ ਸਬੰਧੀ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਪ੍ਰੈਸ ਕਾਨਫਰੰਸ ਦੌਰਾਨ ਜ਼ਿਲ੍ਹਾ ਚੋਣਕਾਰ ਅ.ਫਸਰ ਸਹਿਤ ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵਲੋਂ ਜਾਰੀ ਕੀਤੇ ਪ੍ਰੋਗਰਾਮ ਮੁਤਾਬਿਕ 18 ਅਕਤੂਬਰ (ਸ਼ੁੱਕਰਵਾਰ) ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਭਰਨ ਦੀ ਆਖਰੀ ਮਿਤੀ 25 ਅਕਤੂਬਰ (ਸ਼ੁੱਕਰਵਾਰ) ਹੋਵੇਗੀ ਅਤੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ 28 ਅਕਤੂਬਰ (ਸੋਮਵਾਰ) ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਅੰਤਿਮ ਮਿਤੀ 30 ਅਕਤੂਬਰ (ਬੁੱਧਵਾਰ) ਹੈ। ਉਨ੍ਹਾਂ ਦੱਸਿਆ ਕਿ 103 ਬਰਨਾਲਾ ਵਿਧਾਨ ਸਭਾ ਸੀਟ ਲਈ ਜ਼ਿਮਨੀ ਚੋਣ ਵਾਸਤੇ ਵੋਟਾਂ 13 ਨਵੰਬਰ (ਬੁੱਧਵਾਰ) ਨੂੰ ਪੈਣਗੀਆਂ ਅਤੇ 23 ਨਵੰਬਰ (ਸ਼ਨਿਚਰਵਾਰ) ਨੂੰ ਵੋਟਾਂ ਦੀ ਗਿਣਤੀ ਹੋਵੇਗੀ।

ਉਨ੍ਹਾਂ ਦੱਸਿਆ ਕਿ ਚੋਣ ਜ਼ਾਬਤਾ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ 25 ਨਵੰਬਰ, 2024 (ਸੋਮਵਾਰ) ਤੱਕ ਲਾਗੂ ਰਹੇਗਾ।

ਉਨ੍ਹਾਂ ਦੱਸਿਆ ਕਿ 14 ਮਈ 2024 ਤੱਕ ਦੀ ਸੁਧਾਈ ਅਨੁਸਾਰ ਬਰਨਾਲਾ ਵਿਧਾਨ ਸਭਾ ਹਲਕੇ ਵਿੱਚ ਕੁੱਲ 180724 ਵੋਟਰ (ਸਰਵਿਸ ਵੋਟਰਾਂ ਸਣੇ) ਹਨ ਜਿਸ ਵਿਚੋਂ ਮਹਿਲਾ ਵੋਟਰ 85146 ਅਤੇ ਪੁਰਸ਼ ਵੋਟਰ 95578 ਹਨ। ਉਨ੍ਹਾਂ ਦੱਸਿਆ ਕਿ ਹਲਕੇ ਵਿਚ 4 ਟਰਾਂਸਜੈਂਡਰ ਹਨ। ਇਨ੍ਹਾਂ ਵਿਚੋਂ ਸਰਵਿਸ ਵੋਟਰ ਕੁੱਲ 636 ਹਨ, ਜਿਸ ਵਿਚ 621 ਪੁਰਸ਼, 15 ਮਹਿਲਾ ਵੋਟਰ ਹਨ।

ਵਿਧਾਨ ਸਭਾ ਹਲਕੇ ਵਿੱਚ ਪੋਲਿੰਗ ਸਟੇਸ਼ਨ 212 ਅਤੇ ਪੋਲਿੰਗ ਸਟੇਸ਼ਨ ਲੋਕੇਸ਼ਨਾਂ 84 ਹਨ।

ਉਨ੍ਹਾਂ ਦੱਸਿਆ ਕਿ ਦਿਵਿਆਂਗ ਵੋਟਰ 1415 ਹਨ, ਜਿਸ ਵਿਚੋਂ ਪੁਰਸ਼ 894 ਅਤੇ ਮਹਿਲਾ ਵੋਟਰ 521 ਹਨ। ਐਨ ਆਰ ਆਈ ਵੋਟਰ 3 ਹਨ ਜਿਸ ਵਿੱਚ 2 ਪੁਰਸ਼ ਅਤੇ 1 ਮਹਿਲਾ ਵੋਟਰ ਹੈ।

ਜ਼ਿਲ੍ਹਾ ਚੋਣਕਾਰ ਅਫ਼ਸਰ ਨੇ ਦੱਸਿਆ ਕਿ 18 ਤੋਂ 19 ਸਾਲ ਵਾਲੇ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰ 3484 ਹਨ, ਜਿਸ ਵਿਚ 2194 ਪੁਰਸ਼, 1290 ਮਹਿਲਾ ਵੋਟਰ ਹਨ। ਇਸ ਤੋਂ ਇਲਾਵਾ 85 ਸਾਲ ਤੋਂ ਵੱਧ ਉਮਰ ਵਾਲੇ ਬਜ਼ੁਰਗ ਵੋਟਰ ਕੁੱਲ 1300 ਹਨ ਜਿਸ ਵਿਚ ਪੁਰਸ਼ 627 ਅਤੇ ਮਹਿਲਾ ਵੋਟਰ 673 ਹਨ। ਉਨ੍ਹਾਂ ਕਿਹਾ ਕਿ ਵੱਖ ਵੱਖ ਤਰ੍ਹਾਂ ਦੀਆਂ ਮਨਜ਼ੂਰੀਆਂ ਲਈ ਸੁਵਿਧਾ ਪੋਰਟਲ ਅਤੇ ਸ਼ਿਕਾਇਤਾਂ ਲਈ ਸੀ ਵਿਜਿਲ ਪੋਰਟਲ ਚਾਲੂ ਹੋ ਗਿਆ ਹੈ। ਇਸ ਤੋਂ ਇਲਾਵਾ 3 ਉੱਡਣ ਦਸਤੇ ਸਰਗਰਮ ਹੋ ਗਏ ਹਨ।

ਇਸ ਮੌਕੇ ਐੱਸ ਐੱਸ ਪੀ ਬਰਨਾਲਾ ਸ੍ਰੀ ਸੰਦੀਪ ਕੁਮਾਰ ਮਲਿਕ ਨੇ ਕਿਹਾ ਕਿ ਚੋਣਾਂ ਦੌਰਾਨ ਅਮਨ - ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਅਤੇ ਚੋਣ ਜ਼ਾਬਤੇ ਦੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਜਗਰਾਜ ਸਿੰਘ ਦੀ ਧਰਮਪਤਨੀ ਚੋਣ ਜਿੱਤ ਕੇ ਸਰਪੰਚ ਬਣੀ



ਧੂਰੀ (ਲੋਕ ਬਾਣੀ) ਨੇੜਲੇ ਪਿੰਡ ਸ਼ੇਰਪੁਰ ਸੋਢਿਆਂ ਵਿਖੇ ਸਰਪੰਚੀ ਦੀ ਚੋਣ ਜਿੱਤ ਕੇ ਨਰਿੰਦਰ ਕੌਰ ਧਰਮਪਤਨੀ ਜਗਰਾਜ ਸਿੰਘ ਸਰਪੰਚ ਬਣੀ , ਇਸ ਮੌਕੇ ਨਰਿੰਦਰ ਕੌਰ ਧਰਮਪਤਨੀ ਜਗਰਾਜ ਸਿੰਘ ਦੇ ਸਰਪੰਚ ਬਣਨ ਤੇ ਉਨ੍ਹਾਂ ਦੇ ਸਮੱਰਥਕਾਂ ਨੇ ਲੱਡੂ ਵੰਡਕੇ ਆਪਣੀ ਖ਼ੂਸੀ ਦਾ ਇਜ਼ਹਾਰ ਕੀਤਾ । ਇਸ ਮੌਕੇ ਪਿੰਡ ਸ਼ੇਰਪੁਰ ਸੋਢਿਆਂ ਦੀ ਸਰਪੰਚ ਬਣੀ ਨਰਿੰਦਰ ਕੌਰ ਦੇ ਪਤੀ ਜਗਰਾਜ ਸਿੰਘ ਨੇ ਕਿਹਾ ਕਿ ਉਹ ਆਪਣੀ ਸਰਪੰਚੀ ਦੀ ਜਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਿੰਡ ਸਰਵਪੱਖੀ ਵਿਕਾਸ ਲਈ ਯਤਨਸ਼ੀਲ ਰਹਿਣਗੇ ਅਤੇ ਸਰਕਾਰ ਦੀਆਂ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣਗੇ । ਉਹਨਾਂ ਆਪਣੇ ਸਮੱਰਥਕਾਂ ਅਤੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਦੀ ਤਰੱਕੀ ਲਈ ਹਰ ਸੰਭਵ ਕੋਸ਼ਿਸ਼ ਕਰਨਗੇ ।

# ਜਸਪਾਲ ਸਿੰਘ ਮਿਸ਼ਰਾ ਦੀ ਧਰਮਪਤਨੀ ਚੋਣ ਜਿੱਤ ਕੇ ਪਿੰਡ ਧਾਂਦਰੇ ਦੀ ਸਰਪੰਚ ਬਣੀ



ਧੂਰੀ (ਲੋਕ ਬਾਣੀ) ਨੇੜਲੇ ਪਿੰਡ ਧਾਂਦਰਾ ਵਿਖੇ ਸਰਪੰਚੀ ਦੀ ਚੋਣ ਜਿੱਤ ਕੇ ਰੇਖਾ ਰਾਣੀ ਧਰਮਪਤਨੀ ਜਸਪਾਲ ਸਿੰਘ ਮਿਸ਼ਰਾ ਸਰਪੰਚ ਬਣੀ , ਇਸ ਮੌਕੇ ਰੇਖਾ ਰਾਣੀ ਧਰਮਪਤਨੀ ਜਸਪਾਲ ਸਿੰਘ ਮਿਸ਼ਰਾ ਦੇ ਸਰਪੰਚ ਬਣਨ ਤੇ ਉਨ੍ਹਾਂ ਦੇ ਸਮੱਰਥਕਾਂ ਨੇ ਲੱਡੂ ਵੰਡਕੇ ਆਪਣੀ ਖ਼ੂਸੀ ਦਾ ਇਜ਼ਹਾਰ ਕੀਤਾ । ਇਸ ਮੌਕੇ ਪਿੰਡ ਧਾਂਦਰਾ ਦੀ ਸਰਪੰਚ ਰੇਖਾ ਰਾਣੀ ਦੇ ਪਤੀ ਜਸਪਾਲ ਸਿੰਘ ਮਿਸ਼ਰਾ ਨੇ ਕਿਹਾ ਕਿ ਉਹ ਆਪਣੀ ਸਰਪੰਚੀ ਦੀ ਜਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਿੰਡ ਸਰਵਪੱਖੀ ਵਿਕਾਸ ਲਈ ਯਤਨਸ਼ੀਲ ਰਹਿਣਗੇ ਅਤੇ ਸਰਕਾਰ ਦੀਆਂ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣਗੇ । ਉਹਨਾਂ ਆਪਣੇ ਸਮੱਰਥਕਾਂ ਅਤੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਦੀ ਤਰੱਕੀ ਲਈ ਹਰ ਸੰਭਵ ਕੋਸ਼ਿਸ਼ ਕਰਨਗੇ ।

# ਪਰਾਲੀ ਪ੍ਰਬੰਧਨ ਤਹਿਤ ਮਸ਼ੀਨਰੀ ਦੀ ਵਰਤੋਂ ਤੇ ਜਾ ਰਿਹਾ ਜ਼ੋਰ: ਡਿਪਟੀ ਕਮਿਸ਼ਨਰ



ਬਰਨਾਲਾ, (ਲੋਕ ਬਾਣੀ) ਜ਼ਿਲ੍ਹਾ ਬਰਨਾਲਾ ਵਿੱਚ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਦੀ ਅਗਵਾਈ ਹੇਠ ਪਰਾਲੀ ਪ੍ਰਬੰਧਨ ਮੁਹਿੰਮ ਵਿਆਪਕ ਪੱਧਰ ਤੇ ਜਾਰੀ ਹੈ।

ਇਸ ਲੜੀ ਤਹਿਤ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਵਲੋਂ ਅੱਜ ਪਿੰਡ ਕਰਮਗੜ੍ਹ, ਝਲੂਰ, ਚੰਨਣਵਾਲ, ਬਖਤਗੜ੍ਹ, ਰਾਏਸਰ ਪੰਜਾਬ, ਚੁਹਾਣਕੇ ਕਲਾਂ, ਹਮੀਦੀ, ਧਨੇਰ, ਮੂੰਮ, ਭੈਣੀ ਜੱਸਾ, ਰਾਜੀਆ, ਤਾਜੋਕੇ, ਬੀਹਲਾ, ਸੱਦੋਵਾਲ, ਗਹਿਲ ਦੇ ਮੋਹਤਬਰਾਂ, ਕਿਸਾਨਾਂ, ਸਹਿਕਾਰੀ ਸਭਾਵਾਂ, ਆਂਗਣਵਾੜੀ ਵਰਕਰਾਂ ਤੇ ਹੋਰ ਧਿਰਾਂ ਨਾਲ ਮੀਟਿੰਗ ਕੀਤੀਆਂ ਗਈਆਂ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਵਾਤਵਰਣ ਦੀ ਸੰਭਾਲ ਲਈ ਪਰਾਲੀ ਪ੍ਰਬੰਧਨ ਲਈ ਪਿਛਲੇ ਛੇ ਮਹੀਨਿਆਂ ਤੋਂ ਤਿਆਰੀ ਵਿੱਢੀ ਗਈ ਹੈ ਅਤੇ ਸਹਿਕਾਰੀ ਸਭਾਵਾਂ ਅਤੇ ਕਿਸਾਨਾਂ ਨੂੰ ਢੁਕਵੀਂ ਮਸ਼ੀਨਰੀ ਦਿਵਾਈ ਗਈ ਹੈ ਤਾਂ ਜੋ ਪਿੰਡਾਂ ਵਿਚ ਮਸ਼ੀਨਰੀ ਦੀ ਘਾਟ ਨਾ ਆਵੇ, ਜਿਸ ਨਾਲ ਪਰਾਲੀ ਨੂੰ ਜ਼ਮੀਨ ਵਿਚ ਰਲਾ ਕੇ ਨਿਬੇੜਾ ਕੀਤਾ ਜਾਣਾ ਹੈ।

ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨਾਂ ਨੂੰ ਸਬਸਿਡੀ ਵਾਲੇ ਸੰਦਾਂ ਦੀ ਸਹੂਲਤ ਮਿਲੀ ਹੈ, ਉਹ ਆਪਣੇ ਪਿੰਡ ਵਿੱਚ ਵੱਧ ਤੋਂ ਵੱਧ ਰਕਬਾ ਕਵਰ ਕਰਨ ਅਤੇ ਕਿਸਾਨਾਂ ਨਾਲ ਮਸ਼ੀਨਰੀ ਸਾਂਝੀ ਕਰਨ।

ਉਨ੍ਹਾਂ ਕਿਹਾ ਕਿ ਸਾਰੇ ਪਿੰਡਾਂ ਵਿੱਚ ਪਿੰਡ ਪੱਧਰੀ ਕਮੇਟੀਆਂ ਬਣਾਈਆਂ ਗਈਆਂ ਹਨ ਜਿਨ੍ਹਾਂ ਵਿਚ ਪਿੰਡ ਦੇ ਮੋਹਤਬਰ, ਨੌਜਵਾਨ, ਨਰੇਗਾ ਵਰਕਰ, ਆਂਗਣਵਾੜੀ ਤੇ ਹੋਰ ਵਾਸੀ ਸ਼ਾਮਲ ਹਨ। ਇਸ ਤੋਂ ਇਲਾਵਾ ਜ਼ਿਲ੍ਹਾ ਪੱਧਰ ਦੇ ਅਫ਼ਸਰ ਪਿੰਡਾਂ ਵਿੱਚ ਮੁਹਿੰਮ ਦੀ ਨਿਗਰਾਨੀ ਲਈ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਸਹਿਕਾਰੀ ਸਭਾਵਾਂ ਵਿੱਚ ਮਸ਼ੀਨਰੀ ਵਾਲੇ ਕਿਸਾਨਾਂ ਦੀਆਂ ਸੂਚੀਆਂ ਚਸਪਾਂ ਕਰਨ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਕਿਸਾਨਾਂ ਨੂੰ ਮੁਸ਼ਕਿਲ ਪੇਸ਼ ਨਾ ਆਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਲਤੀਫ਼ ਅਹਿਮਦ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਜਿੱਥੇ ਆਲਾ ਦੁਆਲਾ ਪਲੀਤ ਹੁੰਦਾ ਹੈ, ਓਥੇ ਧੂਏਂ ਨਾਲ ਮਨੁੱਖੀ ਸਿਹਤ ਤੇ ਵੀ ਮਾੜਾ ਅਸਰ ਪੈਂਦਾ ਹੈ ਖਾਸ ਕਰਕੇ ਬਜ਼ੁਰਗਾਂ ਅਤੇ ਬੱਚਿਆਂ ਨੂੰ ਸਿਹਤ ਸਬੰਧੀ ਦਿੱਕਤਾਂ ਪੇਸ਼ ਆਉਂਦੀਆਂ ਹਨ। ਪਰਾਲੀ ਸਾੜਨ ਨਾਲ ਜ਼ਮੀਨ ਦੇ ਮਿੱਤਰ ਕੀੜੇ ਵੀ ਮਰ ਜਾਂਦੇ ਹਨ, ਇਸ ਤੋਂ ਇਲਾਵਾ ਪੰਛੀਆਂ ਅਤੇ ਜੀਵਾਂ ਦਾ ਵੀ ਨੁਕਸਾਨ ਹੁੰਦਾ ਹੈ।

ਇਸ ਮੌਕੇ ਉਨ੍ਹਾਂ ਸਾਰੇ ਪਿੰਡਾਂ ਦੇ ਮੋਹਤਬਰਾਂ, ਅਗਾਂਹਵਧੂ ਕਿਸਾਨਾਂ, ਨੌਜਵਾਨਾਂ, ਕਿਸਾਨਾਂ ਨੂੰ ਮੁਹਿੰਮ ਵਿੱਚ ਸਹਿਯੋਗ ਦੇਣ ਦਾ ਸੱਦਾ ਦਿੱਤਾ।

# ਹਲਕਾ ਡੇਰਾਬੱਸੀ ਚ ਪੰਚਾਇਤੀ ਚੋਣਾਂ ਅਮਨ ਅਮਾਨ ਨਾਲ ਚੜ੍ਹੀਆਂ ਨੇਪਰੇ

ਡੇਰਾਬੱਸੀ,(ਲੋਕ ਬਾਣੀ) ਪੰਜਾਬ ਵਿੱਚ ਪੰਚਾਇਤੀ ਚੋਣਾਂ ਦਾ ਐਲਾਨ ਹੋਣ ਤੋਂ ਬਾਅਦ ਅੱਜ ਦੇਰ ਸ਼ਾਮ ਤੱਕ ਪਿੰਡਾਂ ਵਿਚ ਵੋਟਿੰਗ ਚਲਦੀ ਰਹੀ। ਜਿਸ ਤੋਂ ਬਾਅਦ 6 ਵਜੇ ਦੇ ਕਰੀਬ ਪਿੰਡਾਂ ਵਿਚੋਂ ਰੁਝਾਨ ਆਉਣੇ ਸ਼ੁਰੂ ਹੋ ਗਏ। ਹਲਕਾ ਡੇਰਾਬੱਸੀ ਦੇ 93 ਪਿੰਡਾਂ ਵਿਚ ਸਰਪੰਚੀ ਦੇ ਅਹੁਦੇ ਲਈ ਨਾਮਜ਼ਦਗੀ ਫਾਰਮ ਭਰੇ ਗਏ ਸੀ। ਜਿਸ ਤੋਂ ਬਾਅਦ ਅਨੇਕਾਂ ਪਿੰਡਾਂ ਵਿਚ ਸਰਪੰਚ ਅਤੇ ਪੰਚ ਦੇ ਅਹੁਦੇ ਤੇ ਅਨੇਕਾਂ ਸਰਪੰਚਾਂ ਦੀ ਹੋਈ। ਜਿਸ ਤੋਂ ਬਾਅਦ ਪਿੰਡਾਂ ਵਿਚ ਢੋਲ ਵੱਜਣੇ ਸ਼ੁਰੂ ਹੋ ਗਏ। ਪੁਲਿਸ ਪ੍ਰਸ਼ਾਸਨ ਵਲੋਂ ਡੇਰਾਬੱਸੀ ਹਲਕੇ ਵਿੱਚ ਬੜੇ ਹੀ ਅਮਨ ਅਮਾਨ ਨਾਲ ਚੋਣਾਂ ਦੇ ਕੰਮ ਨੂੰ ਨੇਪਰੇ ਚਾੜਿਆ। ਕਿਸੇ ਵੀ ਜਗ੍ਹਾ ਤੋਂ ਕੋਈ ਅਣਸੁਖਾਵੀਂ ਘਟਨਾ ਦੀ ਖ਼ਬਰ ਨਹੀਂ ਆਈ।

ਦੱਸਣਯੋਗ ਹੈ ਕਿ ਪਿੰਡ ਸ਼ੇਖੂਪੁਰ ਕਲਾ ਤੋਂ ਅਜੈਬ ਸਿੰਘ, ਪਿੰਡ ਕੁੜਾਵਾਲਾ ਤੋਂ ਗੀਤਾ ਦੇਵੀ, ਪਿੰਡ ਕਾਰਕੌਰ ਤੋਂ ਜੱਗੀ, ਪਿੰਡ ਭਗਵਾਨਪੁਰ ਤੋਂ ਮਨਜਿੰਦਰ ਸਿੰਘ ਸਰਪੰਚੀ ਦੀ ਚੋਣ ਜਿੱਤ ਗਏ। ਜਿਸ ਤੋਂ ਬਾਅਦ ਉਨ੍ਹਾਂ ਦੇ ਸਮਰਥਕਾਂ ਵੱਲੋਂ ਢੋਲ ਵਜਾਏ ਗਏ। ਉਨ੍ਹਾਂ ਦੇ ਸਮਰਥਕਾਂ ਨੇ ਖੁਸੀ ਵਿਚ ਲੱਡੂ ਵੀ ਵੰਡੇ।ਅੱਜ ਸਵੇਰ ਤੋਂ ਹੀ ਪਿੰਡਾਂ ਵਿਚ ਸਰਪੰਚੀ ਦੀਆਂ ਚੋਣਾਂ ਨੂੰ ਲੈਕੇ ਲੋਕੀ ਪੱਬਾਂ ਪੈਰ ਹੋ ਰਹੇ ਸੀ। ਜਿਵੇਂ ਜਿਵੇਂ ਸਾਮ ਹੁੰਦੀ ਗਈ ਮਾਹੌਲ ਪਿੰਡਾਂ ਵਿਚ ਗਰਮ ਹੋ ਗਿਆ। ਸਰਪੰਚੀ ਦੀਆਂ ਵੋਟਾ ਪੈਣ ਤੋਂ ਬਾਅਦ ਲੋਕੀ ਪਿੰਡਾ ਵਿੱਚ ਚੋਣ ਨਤੀਜੇ ਪਤਾ ਕਰਨ ਲਈ ਇਕੱਠੇ ਹੋਣੇ ਸ਼ੁਰੂ ਹੋ ਗਏ। ਜਦੋਂ ਪਿੰਡ ਵੀ ਚੋਣਾਂ ਦੇ ਨਤੀਜੇ ਆਏ ਤਾਂ ਜਿੱਤਣ ਵਾਲੇ ਉਮੀਦਵਾਰਾਂ ਦੇ ਸਮਰਥਕਾਂ ਨੇ ਢੋਲ ਵਜਾਉਣੇ ਸ਼ੁਰੂ ਕਰ ਦਿੱਤੇ ਅਤੇ ਖੁਸ਼ੀ ਵਿੱਚ ਭੰਗੜੇ ਵੀ ਪਾਉਣ ਲੱਗੇ। ਇਸ ਤੋਂ ਇਲਾਵਾ ਕਈ ਪਿੰਡਾਂ ਵਿਚ ਮਾਹੌਲ ਤਣਾਅ ਪੂਰਨ ਹੋਣ ਦੀ ਸੰਭਾਵਨਾ ਬਣ ਗਈ। ਜਿਸ ਨੂੰ ਡੀਐੱਸਪੀ ਬਿਕਰਮਜੀਤ ਸਿੰਘ ਬਰਾੜ ਨੇ ਬੜੇ ਹੀ ਸੁਚੱਜੇ ਢੰਗ ਨਾਲ ਕਾਬੂ ਕਰ



ਲਿਆ। ਇਸ ਤੋਂ ਇਲਾਵਾ ਕਈ ਪਿੰਡਾਂ ਵਿੱਚ ਵੋਟਿੰਗ ਦੇਰ ਸ਼ਾਮ ਤੱਕ ਜਾਰੀ ਰਹੀ ਜਿਸ ਕਾਰਨ ਕਈ ਪਿੰਡਾਂ ਦੇ ਨਤੀਜੇ ਆਉਣ ਵਿੱਚ ਦੇਰ ਹੋਈ।

# ਜਗਜੀਤ ਸਿੰਘ ਫੌਜੀ ਪਿੰਡ ਕੱਕੜਵਾਲ ਦੇ ਸਰਪੰਚ ਬਣੇ



ਧੂਰੀ (ਲੋਕ ਬਾਣੀ) ਨੇੜਲੇ ਪਿੰਡ ਕੱਕੜਵਾਲ ਵਿਖੇ ਸਰਪੰਚੀ ਦੀ ਚੋਣ ਜਿੱਤ ਕੇ ਜਗਜੀਤ ਸਿੰਘ ਫੌਜੀ ਪਿੰਡ ਕੱਕੜਵਾਲ ਦੇ ਸਰਪੰਚ ਬਣੇ , ਇਸ ਮੌਕੇ ਜਗਜੀਤ ਸਿੰਘ ਫੌਜੀ ਦੇ ਸਰਪੰਚ ਬਣਨ ਤੇ ਉਨ੍ਹਾਂ ਦੇ ਸਮੱਰਥਕਾਂ ਨੇ ਲੱਡੂ ਵੰਡਕੇ ਆਪਣੀ ਖ਼ੂਸੀ ਦਾ ਇਜ਼ਹਾਰ ਕੀਤਾ । ਇਸ ਮੌਕੇ ਕੱਕੜਵਾਲ ਦੇ ਸਰਪੰਚ ਬਣੇ ਜਗਜੀਤ ਸਿੰਘ ਫੌਜੀ ਨੇ ਕਿਹਾ ਕਿ ਉਹ ਆਪਣੀ ਸਰਪੰਚੀ ਦੀ ਜਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਿੰਡ ਸਰਵਪੱਖੀ ਵਿਕਾਸ ਲਈ ਯਤਨਸ਼ੀਲ ਰਹਿਣਗੇ ਅਤੇ ਸਰਕਾਰ ਦੀਆਂ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣਗੇ । ਉਹਨਾਂ ਆਪਣੇ ਸਮੱਰਥਕਾਂ ਅਤੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਦੀ ਤਰੱਕੀ ਲਈ ਹਰ ਸੰਭਵ ਕੋਸ਼ਿਸ਼ ਕਰਨਗੇ ।

# ਅਮਨਦੀਪ ਸਿੰਘ ਅਮਨਾ ਧੂਰੀ ਪਿੰਡ ਦੇ ਸਰਪੰਚ ਬਣੇ



ਧੂਰੀ 1(ਲੋਕ ਬਾਣੀ) ਧੂਰੀ ਪਿੰਡ ਵਿਖੇ ਸਰਪੰਚੀ ਦੀ ਚੋਣ ਜਿੱਤ ਕੇ ਅਮਨਦੀਪ ਸਿੰਘ ਅਮਨਾ ਖਹਿਰਾ ਧੂਰੀ ਪਿੰਡ ਦੇ ਸਰਪੰਚ ਬਣੇ , ਇਸ ਮੌਕੇ ਅਮਨਦੀਪ ਸਿੰਘ ਅਮਨਾ ਖਹਿਰਾ ਦੇ ਸਰਪੰਚ ਬਣਨ ਤੇ ਉਨ੍ਹਾਂ ਦੇ ਸਮੱਰਥਕਾਂ ਨੇ ਲੱਡੂ ਵੰਡਕੇ ਆਪਣੀ ਖ਼ੂਸੀ ਦਾ ਇਜ਼ਹਾਰ ਕੀਤਾ । ਇਸ ਮੌਕੇ ਧੂਰੀ ਪਿੰਡ ਦੇ ਸਰਪੰਚ ਬਣੇ ਅਮਨਦੀਪ ਸਿੰਘ ਅਮਨਾ ਖਹਿਰਾ ਨੇ ਕਿਹਾ ਕਿ ਉਹ ਆਪਣੀ ਸਰਪੰਚੀ ਦੀ ਜਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਿੰਡ ਸਰਵਪੱਖੀ ਵਿਕਾਸ ਲਈ ਯਤਨਸ਼ੀਲ ਰਹਿਣਗੇ ਅਤੇ ਸਰਕਾਰ ਦੀਆਂ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣਗੇ । ਉਹਨਾਂ ਆਪਣੇ ਸਮੱਰਥਕਾਂ ਅਤੇ ਸਮੂਹ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਦੀ ਤਰੱਕੀ ਲਈ ਹਰ ਸੰਭਵ ਕੋਸ਼ਿਸ਼ ਕਰਨਗੇ ।

# ਜ਼ਿਮਨੀ ਚੋਣਾਂ : ਜ਼ਿਲ੍ਹਾ ਚੋਣਕਾਰ ਅ.ਫਸਰ ਵਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

ਬਰਨਾਲਾ, (ਲੋਕ ਬਾਣੀ) ਜ਼ਿਲ੍ਹਾ ਚੋਣਕਾਰ ਅ.ਫਸਰ ਸਹਿਤ ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਵਲੋਂ ਅੱਜ ਇੱਥੇ ਵੱਖ ਵੱਖ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ।




ਇਸ ਮੌਕੇ ਉਨ੍ਹਾਂ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵਲੋਂ ਜਾਰੀ ਕੀਤੇ ਪ੍ਰੋਗਰਾਮ ਮੁਤਾਬਿਕ 18 ਅਕਤੂਬਰ (ਸ਼ੁੱਕਰਵਾਰ) ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਨਾਮਜ਼ਦਗੀਆਂ ਭਰਨ ਦੀ ਆਖਰੀ ਮਿਤੀ 25 ਅਕਤੂਬਰ (ਸ਼ੁੱਕਰਵਾਰ) ਹੋਵੇਗੀ ਅਤੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ 28 ਅਕਤੂਬਰ (ਸੋਮਵਾਰ) ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਅੰਤਿਮ ਮਿਤੀ 30 ਅਕਤੂਬਰ (ਬੁੱਧਵਾਰ) ਹੈ। ਵੋਟਾਂ 13 ਨਵੰਬਰ (ਬੁੱਧਵਾਰ) ਨੂੰ ਪੈਣਗੀਆਂ ਅਤੇ 23 ਨਵੰਬਰ (ਸ਼ਨਿਚਰਵਾਰ) ਨੂੰ ਵੋਟਾਂ ਦੀ ਗਿਣਤੀ ਹੋਵੇਗੀ।

ਉਨ੍ਹਾਂ ਕਿਹਾ ਕਿ ਆਦਰਸ਼ ਚੋਣ ਜ਼ਾਬਤੇ ਦੀਆਂ ਹਦਾਇਤਾਂ ਦੀ ਕਾਪੀ ਸਾਰੀਆਂ ਪਾਰਟੀਆਂ ਨੂੰ ਮੁਹਈਆ ਕਰਵਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਆਦਰਸ਼ ਚੋਣ ਜ਼ਾਬਤਾ ਪੂਰੇ ਜ਼ਿਲ੍ਹੇ ਵਿੱਚ ਲਾਗੂ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਪਹਿਲਾਂ ਤੋਂ ਚੱਲ ਰਹੇ ਕੰਮ ਜਾਰੀ ਰਹਿਣਗੇ, ਜਦਕਿ ਨਵੇਂ ਕੰਮ ਸ਼ੁਰੂ ਨਹੀਂ ਕੀਤੇ ਜਾ ਸਕਣਗੇ।

ਉਨ੍ਹਾਂ ਕਿਹਾ ਕਿ ਚੋਣਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਸ਼ਿਕਾਇਤ ਲਈ ਸੀ ਵਿਜਲ ਸ਼ੁਰੂ ਕਰ ਦਿੱਤਾ ਗਿਆ ਹੈ ਤੇ ਵੱਖ ਵੱਖ ਤਰ੍ਹਾਂ ਦੀਆਂ ਮਨਜ਼ੂਰੀਆਂ ਸੁਵਿਧਾ ਪੋਰਟਲ ਤੇ ਮਿਲਣਗੀਆਂ।

ਇਸ ਮੌਕੇ ਐੱਸ ਐੱਸ ਪੀ ਬਰਨਾਲਾ ਸ੍ਰੀ ਸੰਦੀਪ ਕੁਮਾਰ ਮਲਿਕ, ਐੱਸ ਪੀ ਸ੍ਰੀ ਹੰਸ ਰਾਜ, ਚੋਣ ਤਹਿਸੀਲਦਾਰ ਰਾਮ ਜੀ ਲਾਲ, ਜ਼ਿਲ੍ਹਾ ਮਾਲ ਅਫਸਰ ਗੁਰਜਿੰਦਰ ਸਿੰਘ, ਤਹਿਸੀਲਦਾਰ ਰਾਕੇਸ਼ ਕੁਮਾਰ ਅਤੇ ਰਾਜਸੀ ਪਾਰਟੀਆਂ ਤੋਂ ਓਂਕਾਰ ਸੂਰਤ ਸਿੰਘ (ਇੰਡੀਅਨ ਨੈਸ਼ਨਲ ਕਾਂਗਰਸ), ਸਤਪਾਲ ਸਿੰਘ, ਬਲਵਿੰਦਰ ਸਿੰਘ (ਬਸਪਾ), ਲਵਪ੍ਰੀਤ ਸਿੰਘ (ਬੀਜੇਪੀ), ਮਹਿੰਦਰ ਪਾਲ (ਸ਼੍ਰੋਮਣੀ ਅਕਾਲੀ ਦਲ), ਸੁਰਿੰਦਰ ਦਰਦੀ ( ਸੀ ਪੀ ਆਈ ਐਮ) ਹਾਜ਼ਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements in 2022-2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com

# ਅਮਨ ਅਰੋੜਾ ਦੀਆਂ ਕੋਸ਼ਿਸ਼ਾਂ ਸਦਕਾ ਰੇਲਵੇ ਅੰਡਰ ਬ੍ਰਿਜ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

ਸੁਨਾਮ ਊਧਮ ਸਿੰਘ ਵਾਲਾ, (ਲੋਕ ਬਾਣੀ) ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਅਣਥੱਕ ਯਤਨ ਸਦਕਾ ਸੁਨਾਮ ਸ਼ਹਿਰ ਦੇ ਵਸਨੀਕਾਂ ਨੂੰ ਪਿਛਲੇ ਲੰਬੇ ਸਮੇਂ ਤੋਂ ਪੇਸ਼ ਆ ਰਹੀ ਹੈ ਇੱਕ ਹੋਰ ਵੱਡੀ ਸਮੱਸਿਆ ਤੋਂ ਆਉਂਦੇ 6 ਮਹੀਨਿਆਂ ਅੰਦਰ ਮੁਕੰਮਲ ਤੌਰ 'ਤੇ ਛੁਟਕਾਰਾ ਮਿਲ ਜਾਵੇਗਾ। ਰੇਲਵੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਦੀ ਨਿਗਰਾਨੀ ਹੇਠ ਅੱਜ ਸੁਨਾਮ ਸ਼ਹਿਰ ਦੇ ਬੱਸ ਸਟੈਂਡ ਨਜ਼ਦੀਕ ਲੰਘਦੀਆਂ ਰੇਲਵੇ ਲਾਈਨਾਂ 'ਤੇ ਬਣਨ ਵਾਲੇ ਰੇਲਵੇ ਅੰਡਰ ਬ੍ਰਿਜ ਦੇ ਨਿਰਮਾਣ ਕਾਰਜਾਂ ਦੀ ਰਸਮੀ ਸ਼ੁਰੂਆਤ ਕਰ ਦਿੱਤੀ ਗਈ ਹੈ। ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਉਣ ਮੌਕੇ ਮੌਜੂਦ ਰੇਲਵੇ ਵਿਭਾਗ ਦੇ ਸੀਨੀਅਰ ਸੈਕਸ਼ਨ ਅਧਿਕਾਰੀ ਸੁਰੇਸ਼ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅਗਲੇ 6 ਮਹੀਨਿਆਂ ਅੰਦਰ ਇਸ ਪ੍ਰੋਜੈਕਟ ਨੂੰ ਮੁਕੰਮਲ ਕਰਨ ਲਈ ਸਮੁੱਚੇ ਸਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਪਹਿਲਾਂ ਤੋਂ ਹੀ ਯੋਜਨਾਬੱਧ ਢੰਗ ਨਾਲ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਅੰਡਰ ਬ੍ਰਿਜ ਛੇਤੀ ਨਾਲ ਮੁਕੰਮਲ ਕੀਤਾ ਜਾ ਸਕੇ ਇਸ ਉਦੇਸ਼ ਨਾਲ ਹੁਣ ਰੇਲਵੇ ਫਾਟਕ ਆਮ ਲੋਕਾਂ ਦੇ ਲਾਂਘੇ ਲਈ ਆਰਜ਼ੀ ਤੌਰ 'ਤੇ ਬੰਦ ਕਰ ਦਿੱਤੇ ਗਏ ਹਨ ਕਿਉਂਕਿ ਨਕਸ਼ੇ ਮੁਤਾਬਕ ਨਿਸ਼ਾਨਦੇਹੀ ਮਗਰੋਂ ਪੁਟਾਈ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਮੌਕੇ 'ਤੇ ਮੌਜੂਦ ਸੀਨੀਅਰ ਆਗੂ ਜਤਿੰਦਰ ਜੈਨ ਨੇ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਨੇਪਰੇ ਚੜ੍ਹਾਉਣ ਲਈ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਜਨਵਰੀ 2023 ਤੋਂ ਲਗਾਤਾਰ ਹੁਣ ਤੱਕ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਚੰਡੀਗੜ੍ਹ ਵਿਖੇ ਅਤੇ ਲੋਕਲ ਪੱਧਰ 'ਤੇ ਵੱਡੀ ਗਿਣਤੀ ਵਿੱਚ ਮੀਟਿੰਗਾਂ ਕੀਤੀਆਂ ਗਈਆਂ ਅਤੇ ਰੇਲਵੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਨਿਰੰਤਰ ਤਾਲਮੇਲ ਰੱਖਦੇ ਹੋਏ ਸ਼ਹਿਰ ਵਾਸੀਆਂ ਨੂੰ ਦਰਪੇਸ਼ ਇਸ ਵੱਡੀ ਸਮੱਸਿਆ ਦੇ ਸਥਾਈ ਹੱਲ ਲਈ ਹਰ ਸੰਭਵ ਉਪਰਾਲਾ ਕੀਤਾ ਗਿਆ। ਉਹਨਾਂ ਕਿਹਾ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਉਦਮ ਸਦਕਾ ਹੀ ਅੱਜ ਇਸ ਮਹੱਤਵਪੂਰਨ ਕਾਰਜ ਦੀ ਸ਼ੁਰੂਆਤ ਸੰਭਵ ਹੋ ਸਕੀ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਦੇ ਮੀਡੀਆ ਕੋਆਰਡੀਨੇਟਰ ਜਤਿੰਦਰ ਜੈਨ ਨੇ ਕਿਹਾ ਕਿ ਰੇਲਵੇ ਅੰਡਰ ਬ੍ਰਿਜ ਦੇ ਬਣਨ ਨਾਲ ਲੋਕ ਵੱਡੀ ਰਾਹਤ ਮਹਿਸੂਸ ਕਰਨਗੇ ਕਿਉਂਕਿ ਇਸ ਰੇਲਵੇ ਟਰੈਕ ਉਤੇ ਸਾਰਾ ਦਿਨ ਵੱਡੀ ਗਿਣਤੀ ਵਿੱਚ ਪੈਸੇਂਜਰ ਤੇ ਮਾਲ ਗੱਡੀਆਂ ਲੰਘਦੀਆਂ ਹਨ ਜਿਸ ਕਾਰਨ ਰੇਲਵੇ ਫਾਟਕ ਦੇ ਵਾਰ ਵਾਰ ਬੰਦ ਹੋਣ ਕਾਰਨ ਆਵਾਜਾਈ ਵਿੱਚ ਭਾਰੀ ਵਿਘਨ ਪੈਂਦਾ ਹੈ ਅਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗਣ ਕਾਰਨ ਲੋਕਾਂ ਨੂੰ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ। ਜਤਿੰਦਰ ਜੈਨ ਨੇ ਕਿਹਾ ਕਿ ਰੇਲਵੇ ਅੰਡਰ ਬ੍ਰਿਜ ਦੇ ਪਟਾਈ ਕਾਰਜਾਂ ਦੌਰਾਨ



ਨਾ ਤਾਂ ਬੱਸਾਂ ਦੇ ਬਸ ਸਟੈਂਡ ਵਿੱਚ ਆਉਣ ਜਾਣ ਵਿੱਚ ਕੋਈ ਦਿੱਕਤ ਪੇਸ਼ ਆਵੇਗੀ ਅਤੇ ਨਾ ਹੀ ਨੇੜਲੇ ਬਾਜ਼ਾਰਾਂ ਦੇ ਦੁਕਾਨਦਾਰਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਕਰਨਾ ਪਵੇਗਾ ਕਿਉਂਕਿ ਇਹ ਯੋਜਨਾ ਵੱਖ ਵੱਖ ਅਧਿਕਾਰੀਆਂ ਵੱਲੋਂ ਸਾਰੇ ਪੱਖਾਂ ਦਾ ਧਿਆਨ ਰੱਖਦੇ ਹੋਏ ਤਿਆਰ ਕੀਤੀ ਗਈ ਹੈ।

# ਇਸ ਵਾਰ ਪੰਚਾਇਤੀ ਚੋਣਾਂ ਵਿੱਚ ਉਮੀਦਵਾਰਾਂ ਅਤੇ ਵੋਟਰਾਂ ਨੂੰ ਭਾਰੀ ਖੱਜਲ ਖ਼ੁਆਰੀ ਦਾ ਸਾਹਮਣਾ ਕਰਨਾ ਪਿਆ। ਨਤੀਜੇ ਦੇਰ ਰਾਤ ਤੱਕ ਆਏ।

ਸੁਨਾਮ ਊਧਮ ਸਿੰਘ ਵਾਲਾ, (ਲੋਕ ਬਾਣੀ) ਪੰਚਾਇਤੀ ਚੋਣਾਂ ਦੇ ਨਤੀਜੇ ਦੇਰ ਰਾਤ ਆਉਣ ਕਰਕੇ ਉਮੀਦਵਾਰਾਂ ਦੇ ਸਮਰਥਕਾਂ ਨੂੰ ਬੇਸਬਰੀ ਨਾਲ ਸਾਰੀ ਰਾਤ ਖੜਕੇ ਹੀ ਆਪਣੇ ਉਮੀਦਵਾਰਾਂ ਦੇ ਚੋਣ ਨਤੀਜਿਆਂ ਦਾ ਬੇਸਬਰੀ ਨਾਲ ਇੰਤਜ਼ਾਰ ਕਰਨਾ ਪਿਆ,ਜਾਣਕਾਰੀ ਅਨੁਸਾਰ ਨੇੜਲੇ ਪਿੰਡ ਛਾਜਲੀ ਵਿਖੇ 10 ਹਜ਼ਾਰ ਤੋਂ ਉੱਪਰ ਵੋਟ ਹੋਣ ਕਰਕੇ ਇਸ ਪਿੰਡ ਵਿੱਚ ਅੱਜ ਸਵੇਰੇ 7 ਵਜੇ ਤੱਕ ਵੋਟਾਂ ਦੀ ਗਿਣਤੀ ਹੁੰਦੀ ਰਹੀ,ਚੋਣ ਅਮਲੇ ਵੱਲੋਂ ਸਾਰੀ ਰਾਤ ਲੰਘ ਜਾਣ ਦੇ ਬਾਵਜੂਦ ਸਵੇਰੇ ਉਮੀਦਵਾਰਾਂ ਦੇ ਜਿੱਤ ਹਾਰ ਦਾ ਨਤੀਜਾ ਸਾਹਮਣੇ ਆਇਆ। ਪਿੰਡ ਛਾਜਲੀ ਦੇ ਵਿੱਚ ਇੱਕ ਇਤਿਹਾਸਿਕ ਜਿੱਤ ਦਾ ਰਿਕਾਰਡ ਕਾਇਮ ਕਰਦਿਆਂ ਗੁਰਬਿਆਸ ਸਿੰਘ ਬਿਆਸੀ ਨੇ ਆਪਣੇ ਵਿਰੋਧੀਆਂ ਨੂੰ 5000 ਤੋਂ ਉੱਪਰ ਵੋਟਾਂ ਨਾਲ ਹਰਾ ਕੇ ਆਪਣੀ ਜਿੱਤ ਹਾਸਿਲ ਕੀਤੀ। ਇਸੇ ਤਰ੍ਹਾਂ ਹੀ ਪਿੰਡ ਗੋਬਿੰਦਗੜ੍ਹ ਜੇਜੀਆ ਵਿਖੇ ਤੇਜ ਕੌਰ ਨੇ ਸਰਪੰਚੀ ਦੀ ਚੋਣ ਜਿੱਤੀ, ਪਿੰਡ ਖੋਖਰ ਖੁਰਦ ਵਿਖੇ ਪ੍ਰੇਮੀ ਬਲਦੀਪ ਸਿੰਘ ਇੰਸਾਂ ਦੀਪੂ ਸਰਪੰਚ ਦੀ ਚੋਣ ਜਿੱਤੇ, ਪਿੰਡ ਸੰਗਤੀਵਾਲਾ ਵਿਖੇ ਡਾਕਟਰ ਅਜੈਬ ਸਿੰਘ ਸਰਪੰਚ ਦੀ ਚੋਣ ਜਿੱਤੇ। ਪਿੰਡ ਛਾਹੜ ਵਿਖੇ ਜਸਬੀਰ ਕੌਰ ਸਰਪੰਚ ਦੀ ਚੋਣ ਜਿੱਤੇ, ਪਿੰਡ ਗੰਢੂਆਂ ਵਿਖੇ ਚਰਨਜੀਤ ਕੌਰ ਪਤਨੀ ਬੂਟਾ ਸਿੰਘ ਸਰਪੰਚੀ ਦੀ ਚੋਣ ਜਿੱਤੇ, ਪਿੰਡ ਮੋਜੋਵਾਲ ਵਿਖੇ ਭੈਣ ਸੁਖਪਾਲ ਕੌਰ ਇੰਸਾ ਸਰਪੰਚੀ ਦੀ ਚੋਣ ਜਿੱਤੇ। ਪਿੰਡ ਰੋੜੇਵਾਲਾ ਵਿਖੇ ਪ੍ਰੇਮੀ ਜਸਵੰਤ ਸਿੰਘ ਇੰਸਾ ਜੱਸੀ ਸਰਪੰਚੀ ਦੀ ਚੋਣ ਜਿੱਤੇ, ਪਿੰਡ ਨੰਗਲਾ ਵਿਖੇ ਅਮਰਜੀਤ ਕੌਰ ਪਤਨੀ ਸਵਰਗ ਵਾਸੀ ਡਾਕਟਰ ਸਾਈਂ ਦਾਸ ਸਰਪੰਚ ਦੀ ਚੋਣ ਜਿੱਤੇ,,ਪਿੰਡ ਖੋਖਰ ਕਲਾਂ ਵਿਖੇ ਗੁਰਮੀਤ ਸਿੰਘ ਲੂਣਾ , ਪਿੰਡ ਭਾਈ ਕੀ ਪਿਸ਼ੌਰ ਵਿਖੇ ਕਮਲਜੀਤ ਕੌਰ ਪਤਨੀ ਜਗਤਾਰ ਸਿੰਘ ਸਰਪੰਚੀ ਦੀ ਚੋਣ ਜਿੱਤੇ ਪਿੰਡ ਛਾਜਲਾ ਵਿਖੇ ਕਰਮਜੀਤ ਕੌਰ ਪਤਨੀ ਜਗਤਾਰ ਸਿੰਘ ਨੰਬਰਦਾਰ ਸਰਪੰਚੀ ਦੀ ਚੋਣ ਜਿੱਤੇ ।ਪਿੰਡ ਕੌਹਰੀਆਂ ਵਿਖੇ ਮਾਲਵਿੰਦਰ ਸਿੰਘ ਸਰਪੰਚ ਆਪਣੇ ਵਿਰੋਧੀ ਧਿਰ ਦੇ ਨਾਲ ਹਰਾ ਕੇ ਸਰਪੰਚੀ ਦੀ ਚੋਣ ਜਿੱਤੇ ਇਹਨਾਂ ਜਿੱਤੇ ਹੋਏ ਉਮੀਦਵਾਰਾਂ ਦੇ ਘਰ ਵਿੱਚ ਵਿਆਹ ਵਰਗਾ



ਮਾਹੌਲ ਹੈ ਅਤੇ ਸਮਰਥਕਾਂ ਵੱਲੋਂ ਆਤਿਸ਼ਬਾਜ਼ੀ ਕਰਕੇ ਲੱਡੂ ਵੰਡ ਕੇ ਭੰਗੜੇ ਪਾਕੇ ਖੁਸ਼ੀਆਂ ਮਨਾਈਆਂ ਜਾ ਰਹੀਆਂ ਹਨ। ਜਿੱਤੇ ਹੋਏ ਉਮੀਦਵਾਰਾਂ ਦਾ ਨਗਰ ਨਿਵਾਸੀਆਂ ਵੱਲੋਂ ਢੋਲ ਨਾਲ ਸਵਾਗਤ ਕੀਤਾ ਗਿਆ।